Start Your
OWN HOTEL
The Land is Your
Project Ours
Contact Us
9814400833

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਵੀਰਵਾਰ, 26 ਦਸੰਬਰ 2024
Email:- lokbani08@gmail.com

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗੇ
easyvisa
8283 000800

R. N. I. Punpun/29016/2008 ✶ ਸਾਲ 16 , ✶ ਅੰਕ : 138, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗ ਚੁੱਕੇ ਹਨ
easyvisa | 8283 000800

## ਯਾਤਰੀਆਂ ਨੂੰ ਲਿਆ ਰਿਹਾ ਹਵਾਈ ਜਹਾਜ਼ ਹੋਇਆ ਕ੍ਰੈਸ਼



**ਯਾਕੂਬ, ਲੋਕ ਬਾਣੀ** -105 ਯਾਤਰੀਆਂ ਨਾਲ ਭਰਿਆ ਇਕ ਹਵਾਈ ਜਹਾਜ਼ ਏਅਰਪੋਰਟ ਤੇ ਲੈਂਡਿੰਗ ਤੋਂ ਐਨ ਪਹਿਲਾਂ ਕ੍ਰੈਸ਼ ਹੋ ਜਾਣ ਦੀ ਜਾਣਕਾਰੀ ਮਿਲੀ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਹਵਾਈ ਜਹਾਜ਼ ਵਿੱਚ 105 ਯਾਤਰੀ ਅਤੇ 5 ਕਰੂ ਮੈਂਬਰ ਸਵਾਰ ਸਨ। ਕਜ਼ਾਕਿਸਤਾਨ ਦੇ ਹੈਲਥ ਵਿਭਾਗ ਵਲੋਂ ਹੁਣ ਤਕ ਇਸ ਹਾਦਸੇ ਵਿੱਚ 42 ਲੋਕਾਂ ਦੀ ਮੌਤ ਦੀ ਪੁਸ਼ਟੀ ਕਰ ਦਿੱਤੀ ਗਈ ਹੈ। ਕ੍ਰੈਸ਼ ਹੋਇਆ ਹਵਾਈ ਜਹਾਜ਼ ਅਜ਼ਰਬਾਈਜਾਨ ਏਅਰਲਾਈਨਜ਼ ਦਾ ਦੱਸਿਆ ਜਾ ਰਿਹਾ ਹੈ, ਜੋਕਿ ਕਜ਼ਾਕਿਸਤਾਨ ਦੇ ਅਕਾਤੂ ਹਵਾਈ ਅੱਡੇ ਨੇੜੇ ਹਾਦਸਾਗ੍ਰਸਤ ਹੋ ਗਿਆ ਹੈ। ਰੂਸੀ ਸਮਾਚਾਰ ਏਜੰਸੀਆਂ ਨੇ ਇਸ ਹਾਦਸੇ ਦਾ ਖੁਲਾਸਾ ਕੀਤਾ ਹੈ।

## ਗੋਆ ਵਿਚ ਸਮੁੰਦਰ ਤੱਟ ਨੇੜੇ ਕਿਸ਼ਤੀ ਪਲਟੀ ਇਕ ਦੀ ਮੌਤ



**ਪਣਜੀ, ਲੋਕ ਬਾਣੀ-** ਉੱਤਰੀ ਗੋਆ ਦੇ ਕਲੰਗੁਟ ਸਮੁੰਦਰ ਤੱਟ ਕੋਲ ਅਰਬ ਸਾਗਰ ਵਿੱਚ ਅੱਜ ਸੈਲਾਨੀਆਂ ਨੂੰ ਲਿਜਾ ਰਹੀ ਇਕ ਕਿਸ਼ਤੀ ਪਲਟਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ। ਕਿਸ਼ਤੀ ਵਿੱਚ ਸਵਾਰ 20 ਹੋਰਾਂ ਨੂੰ ਬਚਾਅ ਲਿਆ ਗਿਆ। ਪੁਲੀਸ ਨੇ ਇਹ ਜਾਣਕਾਰੀ ਦਿੱਤੀ। ਪੁਲੀਸ ਨੇ ਦੱਸਿਆ ਕਿ ਇਹ ਘਟਨਾ ਦੁਪਹਿਰ ਕਰੀਬ 1.30 ਵਜੇ ਹੋਈ।

ਇਕ ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ, "ਕਿਸ਼ਤੀ ਪਲਟਣ ਕਾਰਨ 54 ਸਾਲਾ ਵਿਅਕਤੀ ਦੀ ਮੌਤ ਹੋ ਗਈ, ਜਦਕਿ 20 ਹੋਰਾਂ ਨੂੰ ਬਚਾਅ ਲਿਆ ਗਿਆ ਅਤੇ ਉਸ ਨੂੰ ਇਲਾਜ ਲਈ ਨੇੜਲੇ ਹਸਪਤਾਲ ਲਿਜਾਇਆ ਗਿਆ।" ਉਨ੍ਹਾਂ ਦੱਸਿਆ ਕਿ ਦੋ ਯਾਤਰੀਆਂ ਨੂੰ ਛੱਡ ਕੇ ਬਾਕੀ ਸਾਰਿਆਂ ਨੇ ਜੀਵਨ ਰੱਖਿਅਕ ਜੈਕੇਟਾਂ ਪਹਿਨੀ ਹੋਈ ਸੀ।

## ਉਤਰਾਖੰਡ ਚ ਬੱਸ ਡਿੱਗੀ ਖੱਡ ਵਿੱਚ



**ਨੈਨੀਤਾਲ, ਲੋਕ ਬਾਣੀ-** ਉੱਤਰਾਖੰਡ ਦੇ ਨੈਨੀਤਾਲ ਜ਼ਿਲ੍ਹੇ ਦੇ ਭੀਮਤਾਲ ਦੇ ਸਲੜੀ ਖੇਤਰ ਵਿੱਚ ਅੱਜ ਇਕ ਬੱਸ 1500 ਫੁੱਟ ਡੂੰਈ ਖੱਡ ਵਿੱਚ ਡਿੱਗ ਗਈ। ਇਸ ਦੌਰਾਨ ਬੱਸ ਵਿੱਚ ਸਵਾਰ ਇਕ ਬੱਚੇ ਸਣ ਚਾਰ ਯਾਤਰੀਆਂ ਦੀ ਮੌਤ ਹੋ ਗਈ ਤੇ 23 ਹੋਰ ਜ਼ਖ਼ਮੀ ਹੋ ਗਏ। ਇਕ ਅਧਿਕਾਰੀ ਨੇ ਇੱਥੇ ਦੱਸਿਆ ਕਿ ਹਾਦਸੇ ਦੇ ਮ੍ਰਿਤਕਾਂ ਵਿੱਚ ਇਕ ਔਰਤ ਵੀ ਸ਼ਾਮਲ ਹੈ। ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਹਾਦਸੇ 'ਤੇ ਦੁੱਖ ਜ਼ਾਹਿਰ ਕੀਤਾ ਹੈ। ਉਨ੍ਹਾਂ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਨੂੰ 10-10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ।

## ਕਰਨਾਟਕ ਵਿਚ ਵਾਪਰੀਆਂ ਭਿਆਨਕ ਸੜਕ ਹਾਦਸਾ ਤਿੰਨ ਦੀ ਹੋਈ ਮੌਤ



**ਕਲਬੁਰਗੀ ਲੋਕ ਬਾਣੀ**-ਕਾਂਗਰਸ ਨੇ ਕੁਝ ਇਲੈਕਟ੍ਰਾਨਿਕ ਗੋਬੁਰ ਪਿੰਡ ਨੇੜੇ ਗੰਨੇ ਨਾਲ ਭਰੇ ਟਰੱਕ, ਟੂਰ ਟਰੈਵਲ ਵ੍ਹੀਕਲ ਅਤੇ ਬਾਈਕ ਵਿਚਾਲੇ ਹੋਈ ਟੱਕਰ ਚ 3 ਜਣਿਆਂ ਦੀ ਮੌਤ ਹੋ ਗਈ ਅਤੇ 9 ਜ਼ਖਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਵਿਨੀਤਾ (56), ਅਨੂਪ (29) ਅਤੇ ਬਸਵਰਾਜ (40) ਵਜੋਂ ਹੋਈ ਹੈ। ਕਰਨਾਟਕ ਪੁਲਿਸ ਨੇ ਇਹ ਜਾਣਕਾਰੀ ਦਿੱਤੀ।

## ਯੂ,ਪੀ ਵਿੱਚ ਹੋਏ ਐਨਕਾਉਂਟਰ ਵਾਲੇ ਤਿੰਨ ਨੌਜਵਾਨਾ ਦਾ ਪੰਜਾਬ ਵਿੱਚ ਹੋਇਆ ਸੰਸਕਾਰ



**ਗੁਰਦਾਸਪੁਰ, ਨਵਨੀਤ ਕੁਮਾਰ**-ਉੱਤਰ ਪ੍ਰਦੇਸ਼ ਦੇ ਪੀਲੀਭੀਤ 'ਚ ਯੂ.ਪੀ. ਤੇ ਪੰਜਾਬ ਪੁਲਿਸ ਵਲੋਂ ਸਾਂਝੇ ਆਪ੍ਰੇਸ਼ਨ ਦੌਰਾਨ ਹੋਏ ਮੁਕਾਬਲੇ 'ਚ ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਬਲਾਕ ਕਲਾਨੌਰ ਦੇ ਤਿੰਨ ਨੌਜਵਾਨ ਮਾਰੇ ਗਏ ਸਨ ਜਿਨ੍ਹਾਂ ਤੇ ਪੁਲਿਸ ਵਲੋਂ ਪੁਲਿਸ ਚੌਕੀ ਬਖਸ਼ੀਵਾਲ ਵਿਖੇ ਕੀਤੇ ਗਏ ਗ੍ਰਨੇਡ ਹਮਲੇ ਨਾਲ ਸਬੰਧਤ ਮਾਮਲਾ ਦਰਜ ਕੀਤਾ ਗਿਆ ਸੀ। ਇਸ ਦੌਰਾਨ ਮ੍ਰਿਤਕ ਗੁਰਵਿੰਦਰ ਸਿੰਘ ਦਾ ਕਲਾਨੌਰ, ਮ੍ਰਿਤਕ ਜਸ਼ਨਪ੍ਰੀਤ ਸਿੰਘ ਦਾ ਪਿੰਡ ਨਿੱਕਾ ਸ਼ਹੂਰ ਅਤੇ ਮ੍ਰਿਤਕ ਰਵਿੰਦਰ ਸਿੰਘ ਦਾ ਪਿੰਡ ਅਗਵਾਨ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਪੁਲਿਸ ਮੌਜੂਦ ਰਹੀ।

## ਮਣੀਪੁਰ ਵਿਚ ਸਰਹੱਦ ਨੇੜੇ ਹੋਈ ਮੁਠਭੇੜ



**ਇੰਫਾਲ, ਲੋਕ ਬਾਣੀ** --ਮਨੀਪੁਰ ਦੇ ਇੰਫਾਲ ਪੂਰਬੀ ਜ਼ਿਲ੍ਹੇ ਵਿੱਚ ਅੱਜ ਸਵੇਰੇ ਦੋ ਹਥਿਆਰਬੰਦ ਸਮੂਹਾਂ ਵਿਚਾਲੇ ਗੋਲੀਬਾਰੀ ਹੋਈ। ਪੁਲੀਸ ਨੇ ਇਹ ਜਾਣਕਾਰੀ ਦਿੱਤੀ।

ਪੁਲੀਸ ਨੇ ਦੱਸਿਆ ਕਿ ਹਥਿਆਰਬੰਦ ਲੋਕਾਂ ਨੇ ਕਾਂਗਪੋਕਪੀ ਜ਼ਿਲ੍ਹੇ ਦੀਆਂ ਪਹਾੜੀਆਂ ਤੋਂ ਸਿਨਮ ਕੋਮ ਪਿੰਡ ਨੂੰ ਨਿਸ਼ਾਨਾ ਬਣਾ ਕੇ ਗੋਲੀਬਾਰੀ ਕੀਤੀ। ਉਸ ਨੇ ਦੱਸਿਆ ਕਿ ਤਲਹਟੀ ਵਿੱਚ ਤਾਇਨਾਤ ਹਥਿਆਰਬੰਦ 'ਗ੍ਰਾਮੀਣ ਸਵੈਮ ਸੇਵਕਾਂ' ਨੇ ਜਵਾਬੀ ਕਾਰਵਾਈ ਕੀਤੀ। ਪੁਲੀਸ ਨੇ ਦੱਸਿਆ ਕਿ ਇਸ ਘਟਨਾ ਤੋਂ ਬਾਅਦ ਇਲਾਕੇ ਵੱਚ ਵਾਧੂ ਸੁਰੱਖਿਆ ਬਲ ਤਾਇਨਾਤ ਕਰ ਦਿੱਤੇ ਗਏ ਹਨ।

## ਪੰਜਾਬ ਵਿੱਚ ਗੀਤਕਾਰ ਨੂੰ ਧਮਕੀ ਤੇ ਫਿਰੋਤੀ ਮੰਗਣ ਵਾਲੇ ਦੀ ਹੋਈ ਸ਼ਨਾਖਤ



**ਮਾਨਸਾ, ਲੋਕ ਬਾਣੀ**-ਮਾਨਸਾ ਪੁਲਿਸ ਨੇ ਪੰਜਾਬੀ ਦੇ ਪ੍ਰਸਿੱਧ ਗੀਤਕਾਰ ਤੇ ਸ਼ਾਇਰ ਹਰਮਨਜੀਤ ਸਿੰਘ ਵਾਸੀ ਖਿਆਲਾ ਨੂੰ ਫਿਰੌਤੀ ਲਈ ਧਮਕੀ ਦੇਣ ਦੇ ਦੋਸ਼ 'ਚ ਉਸ ਦੇ ਸਾਥੀ ਅਧਿਆਪਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਚਰਚਿਤ ਕਾਵਿ ਪੁਸਤਕ 'ਰਾਣੀ ਤੱਤ' ਦੇ ਲੇਖਕ ਹਰਮਨਜੀਤ 'ਵੇ ਤੂੰ ਲੌਂਗ ਮੈਂ ਲਾਚੀ' ਗੀਤ ਨਾਲ ਮਸ਼ਹੂਰ ਹੋਇਆ ਸੀ ਅਤੇ ਉਸ ਦੇ ਦਰਜਨਾਂ ਗੀਤ ਪੰਜਾਬੀ ਦੇ ਵੱਡੇ ਗਾਇਕ ਗਾ ਚੁੱਕੇ ਹਨ। ਪਿਛਲੇ ਦਿਨੀਂ ਹਰਮਨਜੀਤ ਦੇ ਘਰ ਇਕ ਪੱਤਰ ਭੇਜਿਆ ਗਿਆ, ਜਿਸ ਵਿਚ 5 ਲੱਖ ਰੁਪਏ ਫਿਰੌਤੀ ਦੀ ਮੰਗ ਕੀਤੀ ਗਈ ਅਤੇ ਨਾ ਦੇਣ ਦੀ ਸੂਰਤ ਵਿਚ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਗਈ। ਡੀ. ਐਸ. ਪੀ. ਮਾਨਸਾ ਬੂਟਾ ਸਿੰਘ ਗਿੱਲ ਨੇ ਦੱਸਿਆ ਕਿ ਗੀਤਕਾਰ ਦੀ ਸ਼ਿਕਾਇਤ 'ਤੇ ਮੁਕੱਦਮਾ ਦਰਜ ਕਰਕੇ ਅਧਿਆਪਕ ਜਗਸੀਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਜਲੰਧਰ ਚ ਮੇਅਰ ਦੀ ਚੋਣ ਨੂੰ ਲੈ ਕੇ ਹੋਇਆ ਘਮਾਸਾਨ




**ਜਲੰਧਰ, ਲੋਕ ਬਾਣੀ** --ਆਪ ਸਰਕਾਰ ਵਿਚ ਜਲੰਧਰ ਦੇ ਮੇਅਰ ਦੀ ਚੋਣ ਨੂੰ ਲੈ ਕੇ ਅੱਜ ਹਾਈਵੋਲਟੇਜ ਡਰਾਮਾ ਵੇਖਣ ਨੂੰ ਮਿਲਿਆ। ਬਹੁਮਤ ਦੇ ਅੰਕੜੇ ਨੇੜੇ ਪਹੁੰਚਣ ਲਈ ਆਪ ਵੱਲੋਂ ਜਿੱਥੇ ਹੋਰਾਂ ਪਾਰਟੀਆਂ ਦੇ ਜੇਤੂ ਕੌਂਸਲਰਾਂ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕਰਨਾ ਲਗਾਤਾਰ ਜਾਰੀ ਹੈ, ਉਥੇ ਹੀ ਅੱਜ ਵਾਰਡ ਨੰਬਰ- 47 ਵਿਚ ਕਾਂਗਰਸ ਦੀ ਕੌਂਸਲਰ ਦੇ ਘਰ ਬਾਹਰ ਕਾਂਗਰਸ ਦੇ ਵੱਡੇ ਆਗੂ ਅਤੇ ਸਾਬਕਾ ਵਿਧਾਇਕ ਰਾਜਿੰਦਰ ਬੇਰੀ ਵੱਲੋਂ ਸਮਰਥਕਾਂ ਨਾਲ ਧਰਨਾ ਦਿੱਤਾ ਗਿਆ। ਕੌਂਸਲਰ ਤੇ ਦੋਸ਼ ਹਨ ਕਿ ਕੌਂਸਲਰ ਲੋਕਾਂ ਨਾਲ ਧੋਖਾ ਕਰਕੇ ਆਪ ਵਿਚ ਸ਼ਾਮਲ ਹੋ ਗਈ ਹੈ, ਉਥੇ ਹੀ ਦੂਜੇ ਪਾਸੇ ਮੌਕੇ ਉਤੇ ਪਹੁੰਚੀ ਪੁਲਸ ਨੇ ਬੇਰੀ ਅਤੇ ਉਸ ਦੇ ਸਮਰਥਕਾਂ ਨੂੰ ਹਿਰਾਸਤ ਵਿਚ ਲੈ ਲਿਆ ਹੈ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |
91000-79-579 | 98141-92-632
Shop No 5,Adda Kapur Pind,Opp IndusInd Bank,Jalandhar.

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪੰਜਾਬ ਸਰਕਾਰ ਨੇ ਚੁੱਕਿਆ ਵੱਡਾ ਕਦਮ ! ਹੁਣ ਆਂਗਣਵਾੜੀ ਸੁਪਰਵਾਈਜ਼ਰ ਘਰ-ਘਰ ਜਾ ਕੇ ਕਰਨਗੀਆਂ ਇਹ ਕੰਮ

ਚੰਡੀਗੜ੍ਹ (ਲੋਕ ਬਾਣੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਭਾਗ ਸੂਬੇ ਦੇ ਬਜ਼ੁਰਗਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਇਸ ਕੜੀ ਤਹਿਤ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਅਧੀਨ ਵਿਭਾਗ ਦੇ ਅਧਿਕਾਰੀ ਘਰ-ਘਰ ਜਾ ਕੇ ਬਜ਼ੁਰਗਾਂ ਦੀ ਸਿਹਤ ਸਬੰਧੀ ਜਾਣਕਾਰੀ ਇੱਕਠੀ ਕਰਨਗੇ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਬਜ਼ੁਰਗਾਂ ਦੇ ਜੀਵਨ ਨੂੰ ਸੌਖਾ ਬਣਾਉਣ ਅਤੇ ਉਨ੍ਹਾਂ ਦੀ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਸਿਹਤ ਸਰਵੇਖਣ ਕਰਨ ਲਈ ਉਨ੍ਹਾਂ ਦੀ ਮੁਕੰਮਲ ਜਾਣਕਾਰੀ ਜਰੂਰੀ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨੂੰ ਸਨਮਾਨ ਦਿੰਦੇ ਹੋਏ ਉਹਨਾਂ ਦੀ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣਾ ਸਰਕਾਰ ਦਾ ਮੁੱਖ ਟੀਚਾ ਹੈ। ਸਾਡੇ ਬਜ਼ੁਰਗ ਸਾਡੇ ਸਮਾਜ ਦਾ ਅਹਿਮ ਹਿੱਸਾ ਹਨ ਅਤੇ ਉਹਨਾਂ ਦੀ ਸਿਹਤ ਸੰਭਾਲ ਕਰਨੀ ਸਾਡੀ ਨੈਤਿਕ ਜਿੰਮੇਵਾਰੀ ਹੈ।

ਉਨ੍ਹਾਂ ਦੱਸਿਆ ਕਿ ਆਂਗਣਵਾੜੀ ਸੁਪਰਵਾਈਜ਼ਰ ਘਰ-ਘਰ ਜਾ ਕੇ ਐਮ-ਸੇਵਾ ਮੋਬਾਈਲ ਐਪ ਵਿੱਚ ਡਾਟਾ ਇਕੱਠਾ ਕਰਨਗੇ। ਮੋਬਾਈਲ ਐਪ ਹਰੇਕ ਸੁਪਰਵਾਈਜ਼ਰ ਨੂੰ ਨਿਰਧਾਰਤ ਪੈਨਸ਼ਨਰਾਂ ਦੇ ਵੇਰਵੇ ਪ੍ਰਦਰਸ਼ਿਤ ਕਰੇਗੀ।

ਇਸ ਵਿੱਚ ਲਾਭਪਾਤਰੀ ਦਾ ਨਾਮ, ਪਿਤਾ/ਪਤੀ ਦਾ ਨਾਮ, ਪਿੰਡ/ਪਤਾ, ਫ਼ੋਨ ਨੰਬਰ, ਉਮਰ ਅਤੇ ਲਿੰਗ ਦੇ ਨਾਲ-ਨਾਲ ਉਹਨਾਂ ਦੀ ਸਿਹਤ ਅਤੇ ਤੰਦਰੁਸਤੀ ਦਾ ਮੁਲਾਂਕਣ ਕਰਨ ਲਈ ਤਿਆਰ ਕੀਤੇ ਗਏ ਸਰਵੇਖਣ ਸ਼ਾਮਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬਜੁਰਗਾਂ ਦੀ ਫੋਟੋ, ਮ੍ਰਿਤਕ ਦੀ ਸੂਰਤ ਵਿੱਚ ਮੌਤ ਦੀ ਤਾਰੀਖ, ਮੌਤ ਸਰਟੀਫਿਕੇਟ ਅਪਲੋਡ ਕਰਕੇ ਰੀ-ਚੈਕਿੰਗ ਕੀਤੀ ਜਾਵੇ। ਉਨ੍ਹਾਂ ਨੇ ਸਿਹਤ ਸਰਵੇਖਣਾਂ ਲਈ ਬਜ਼ੁਰਗਾਂ ਨਾਲ ਸਤਿਕਾਰ ਨਾਲ ਪੇਸ਼ ਆਉਣ ਲਈ ਵੀ ਕਿਹਾ।

ਉਨ੍ਹਾਂ ਕਿਹਾ ਕਿ ਸੂਬੇ ਭਰ ਦੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰਾਂ, ਬਾਲ ਵਿਕਾਸ ਪ੍ਰਜੈਕਟ ਅਫਸਰਾਂ ਅਤੇ ਸੁਪਰਵਾਈਜ਼ਰਾਂ ਨੂੰ ਬਜ਼ੁਰਗਾਂ ਦੇ ਸਿਹਤ ਸਰਵੇਖਣ ਲਈ ਟਰੇਨਿੰਗ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਿਨ੍ਹਾਂ ਪੈਨਸ਼ਨਰਾਂ ਦੀ ਪੈਨਸ਼ਨ ਅਧੂਰੀ ਜਾਂ ਗਲਤ ਜਾਣਕਾਰੀ ਕਾਰਨ ਰੋਕੀ ਗਈ ਹੈ, ਉਹ ਡੀ.ਜੀ.ਆਰ ਹੈਲਪਲਾਈਨ (1100) ਰਾਹੀਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।

# ਕਜ਼ਾਕਿਸਤਾਨ ਦੇ ਅਕਤਾਉ ਨੇੜੇ 72 ਲੋਕਾਂ ਨੂੰ ਲੈ ਕੇ ਜਾ ਰਿਹਾ ਜਹਾਜ਼ ਹੋਇਆ ਕਰੈਸ਼



(ਲੋਕ ਬਾਣੀ) ਕਜ਼ਾਕਿਸਤਾਨ ਵਿੱਚ ਇੱਕ ਯਾਤਰੀ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ ਹੈ। ਜਹਾਜ਼ ਵਿੱਚ 72 ਲੋਕ ਸਵਾਰ ਸਨ। ਇਹ ਅਕਤੌ ਸ਼ਹਿਰ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ। ਇਹ ਖੌਫਨਾਕ ਘਟਨਾ ਕੈਮਰੇ ਚ ਕੈਦ ਹੋ ਗਈ ਹੈ। ਸੋਸ਼ਲ ਮੀਡੀਆ ਤੇ ਸ਼ੇਅਰ ਕੀਤੀ ਗਈ ਵੀਡੀਓ ਚ ਜਹਾਜ਼ ਨੂੰ ਤੇਜ਼ੀ ਨਾਲ ਜ਼ਮੀਨ ਵੱਲ ਆਉਂਦਾ ਦੇਖਿਆ ਜਾ ਸਕਦਾ ਹੈ ਅਤੇ ਕਰੈਸ਼ ਹੋਣ ਤੋਂ ਬਾਅਦ ਅੱਗ ਦੇ ਗੋਲੇ ਚ ਬਦਲ ਜਾਂਦਾ ਹੈ।

ਦੱਸਿਆ ਜਾ ਰਿਹਾ ਹੈ ਕਿ ਇਸ ਜਹਾਜ਼ ਚ ਕੁੱਲ 72 ਯਾਤਰੀ ਅਤੇ ਚਾਲਕ ਦਲ ਦੇ ਪੰਜ ਮੈਂਬਰ ਮੌਜੂਦ ਸਨ। ਹਾਦਸੇ ਦੇ ਪਿੱਛੇ ਦੇ ਕਾਰਨਾਂ ਦੀ ਅਜੇ ਜਾਂਚ ਕੀਤੀ ਜਾ ਰਹੀ ਹੈ।

ਇਸ ਜਹਾਜ਼ ਹਾਦਸੇ ਦਾ ਇੱਕ ਵੀਡੀਓ ਵਾਇਰਲ ਹੋ ਰਿਹਾ ਹੈ ਜਿਸ ਵਿੱਚ ਜਹਾਜ਼ ਲੈਂਡਿੰਗ ਦੌਰਾਨ ਕਰੈਸ਼ ਹੁੰਦਾ ਨਜ਼ਰ ਆ ਰਿਹਾ ਹੈ। ਲੈਂਡਿੰਗ ਦੌਰਾਨ ਕਰੈਸ਼ ਹੋਣ ਤੋਂ ਬਾਅਦ, ਉੱਥੇ ਅੱਗ ਦਾ ਇੱਕ ਭਾਂਬੜ ਉੱਠਦਾ ਦਿਖਾਈ ਦੇ ਰਿਹਾ ਹੈ। ਇਹ ਜਹਾਜ਼ ਅਜ਼ਰਬਾਈਜਾਨ ਏਅਰਲਾਈਨਜ਼ ਦਾ ਦੱਸਿਆ ਜਾ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਜਹਾਜ਼ ਬਾਕੂ ਤੋਂ ਰੂਸ ਜਾ ਰਿਹਾ ਸੀ। ਹੁਣ ਇਸ ਹਾਦਸੇ ਦੇ ਪਿੱਛੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਅਜ਼ਰਬਾਈਜਾਨ ਏਅਰਲਾਈਨਜ਼ ਨੇ ਇਸ ਦੁਰਘਟਨਾ ਬਾਰੇ ਕਿਹਾ ਕਿ ਜੋ ਜਹਾਜ਼ ਹਾਦਸਾਗ੍ਰਸਤ ਹੋਇਆ ਉਹ ਐਂਬਰੇਅਰ 190 ਜਹਾਜ਼ ਸੀ। ਇਸ ਦਾ ਨੰਬਰ •2-8243 ਸੀ। ਰੂਸ ਦੇ ਬਾਕੂ ਤੋਂ ਗ੍ਰੋਨਜੀ ਰੂਟ ਜਾ ਰਹੇ ਇਸ ਜਹਾਜ਼ ਨੂੰ ਐਮਰਜੈਂਸੀ ਲੈਂਡਿੰਗ ਕਰਨੀ ਪਈ। ਲੈਂਡਿੰਗ ਦੀ ਕੋਸ਼ਿਸ਼ ਦੌਰਾਨ ਇਹ ਜਹਾਜ਼ ਹਾਦਸਾਗ੍ਰਸਤ ਹੋ ਗਿਆ।

# ਏਲਾਂਟੇ ਮਾਲ ਚ ਵਾਪਰਿਆ ਹਾਦਸਾ: ਫਰਸ਼ ਤੇ ਖੇਡ ਰਹੀ ਮਾਸੂਮ ਬੱਚੀ ਤੇ ਡਿੱਗੀ ਹੈਂਗਿੰਗ ਲਾਈਟ




ਚੰਡੀਗੜ੍ਹ (ਲੋਕ ਬਾਣੀ)- ਚੰਡੀਗੜ੍ਹ ਦੇ ਇੰਡਸਟਰੀਅਲ ਏਰੀਆ ਚ ਸਥਿਤ ਏਲਾਂਟੇ ਮਾਲ ਚ ਇਕ ਵਾਰ ਫਿਰ ਹਾਦਸੇ ਦੀ ਖਬਰ ਸਾਹਮਣੇ ਆਈ ਹੈ। ਦੱਸਿਆ ਜਾਂਦਾ ਹੈ ਕਿ ਬੁੱਧਵਾਰ ਦੁਪਹਿਰ ਨੂੰ ਮਾਲ ਚ ਚਾਰ ਸਾਲ ਦੀ ਬੱਚੀ ਦੇ ਸਿਰ ਤੇ ਅਚਾਨਕ ਹੈਂਗਿੰਗ ਲਾਈਟ ਡਿੱਗ ਗਈ। ਜਿਸ ਮੌਕੇ ਹੰਗਾਮਾ ਹੋ ਗਿਆ, ਹੈਂਗਿੰਗ ਲਾਈਟ ਡਿੱਗਣ ਕਾਰਨ ਬੱਚੀ ਦੇ ਪਰਿਵਾਰ ਵਾਲੇ ਡਰ ਗਏ। ਆਸ-ਪਾਸ ਦੇ ਲੋਕ ਇਕੱਠੇ ਹੋ ਗਏ।

ਦੱਸਿਆ ਜਾਂਦਾ ਹੈ ਕਿ ਇਸ ਹਾਦਸੇ ਦੀ ਸੂਚਨਾ ਪੁਲਿਸ ਨੂੰ 112 ਤੇ ਵੀ ਦਿੱਤੀ ਗਈ ਸੀ। ਜਿਸ ਤੋਂ ਬਾਅਦ ਪੁਲਿਸ ਮੌਕੇ ਤੇ ਪਹੁੰਚੀ ਅਤੇ ਲੜਕੀ ਨੂੰ ਉਸਦੇ ਪਰਿਵਾਰਕ ਮੈਂਬਰਾਂ ਸਮੇਤ ਸੈਕਟਰ-32 ਜੀਐਮਸੀਐਚ ਵਿਖੇ ਮੈਡੀਕਲ ਕਰਵਾਉਣ ਲਈ ਲੈ ਗਈ। ਜਾਣਕਾਰੀ ਮਿਲ ਰਹੀ ਹੈ ਕਿ ਲਾਈਟ ਡਿੱਗਣ ਕਾਰਨ ਲੜਕੀ ਦੇ ਮੱਥੇ ਤੇ ਸੋਜ ਆ ਗਈ ਹੈ। ਡਾਕਟਰ ਨੇ ਲੜਕੀ ਦੇ ਸਿਰ ਦਾ ਸੀਟੀ ਸਕੈਨ ਅਤੇ ਹੋਰ ਟੈਸਟ ਕਰਵਾਉਣ ਲਈ ਕਿਹਾ ਹੈ।

ਜਾਣਕਾਰੀ ਮੁਤਾਬਕ ਕ੍ਰਿਸਮਿਸ ਅਤੇ ਨਵੇਂ ਸਾਲ ਦੇ ਚੱਲਦਿਆ ਇਲਾਂਟੇ ਮਾਲ ਚ ਇਨ੍ਹੀਂ ਦਿਨੀਂ ਕਾਰਨੀਵਲ ਦਾ ਤਿਉਹਾਰ ਚੱਲ ਰਿਹਾ ਹੈ। ਜਦੋਂ ਇਹ ਹਾਦਸਾ ਵਾਪਰਿਆ ਤਾਂ ਲੜਕੀ ਮਾਲ ਦੇ ਪਾਰਕ ਏਰੀਆ ਚ ਆਯੋਜਿਤ ਕਾਰਨੀਵਲ ਫੈਸਟੀਵਲ ਦੇ ਫਰਸ਼ ਤੇ ਖੇਡ ਰਹੀ ਸੀ। ਜਿੱਥੇ ਐਂਟਰੀ ਟਿਕਟ 200 ਰੁਪਏ ਪ੍ਰਤੀ ਵਿਅਕਤੀ ਸੀ। ਲੜਕੀ ਦੇ ਪਰਿਵਾਰ ਨੇ ਕਾਰਨੀਵਲ ਦੇ ਪਲੇਅ ਜ਼ੋਨ ਵਿੱਚ ਦਾਖ਼ਲੇ ਲਈ 600 ਰੁਪਏ ਦੀਆਂ ਤਿੰਨ ਟਿਕਟਾਂ ਖਰੀਦੀਆਂ।ਇਸ ਜ਼ੋਨ ਵਿੱਚ ਨੱਚਣ ਲਈ ਇੱਕ ਛੋਟਾ ਜਿਹਾ ਫਰਸ਼ ਬਣਾਇਆ ਗਿਆ ਸੀ ਜਿਸ ਵਿੱਚ ਰੰਗੀਨ ਗੋਲ ਲਾਈਟਾਂ ਲਟਕੀਆਂ ਹੋਈਆਂ ਸਨ। ਬੱਚੀ ਫਰਸ਼ ਤੇ ਖੇਡ ਰਹੀ ਸੀ। ਇਸ ਦੌਰਾਨ ਅਚਾਨਕ ਉਸ ਤੇ ਹੈਂਗਿੰਗ ਲਾਈਟ ਡਿੱਗ ਗਈ। ਜਿਸ ਤੋਂ ਬਾਅਦ ਉਹ ਜ਼ਮੀਨ ਤੇ ਡਿੱਗ ਗਈ।

# ਪੰਜਾਬ ਸਰਕਾਰ ਵੱਲੋਂ ਅਡੀਸ਼ਨਲ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਐਡਮਿਨਸਟਰੇਟਰ ਜਨਰਲ ਅਤੇ ਆਫੀਸ਼ੀਅਲ ਟਰੱਸਟੀ ਦਾ ਚਾਰਜ ਸੰਭਾਲਿਆ



ਚੰਡੀਗੜ੍ਹ : (ਲੋਕ ਬਾਣੀ)- ਚੰਡੀਗੜ੍ਹ : ਪੰਜਾਬ ਸਰਕਾਰ ਨੇ ਨਿਆਂ ਵਿਭਾਗ (ਜੁਡੀਸ਼ੀਅਲ -1 ਸ਼ਾਖਾ) ਵੱਲੋਂ ਜਾਰੀ ਆਪਣੇ ਹੁਕਮਾਂ ਵਿੱਚ ਐਡਵੋਕੇਟ ਬੇਦੀ ਨੂੰ ਐਡਮਿਨਿਸਟ੍ਰੇਟਰ ਜਨਰਲ ਅਤੇ ਅਧਿਕਾਰਤ ਟਰੱਸਟੀ ਪੀ.ਬੀ. ਐਡਵੋਕੇਟ ਬੇਦੀ ਨੇ ਇਹ ਚਾਰਜ 23 ਦਸੰਬਰ, 2024 ਨੂੰ ਸੰਭਾਲਿਆ ਹੈ। ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਨਵੀਂ ਜ਼ਿੰਮੇਵਾਰੀ ਵਜੋ ਸਨਮਾਨ ਕੀਤਾ ਹੈ। ਉਨ੍ਹਾਂ ਨੇ ਪੰਜਾਬ ਰਾਜ ਦੇ ਭਲੇ ਲਈ ਇਸ ਨਵੇਂ ਕਾਰਜ ਲਈ ਆਪਣੇ ਵਧੀਆ ਅਭਿਆਸਾਂ ਅਤੇ ਸੇਵਾਵਾਂ ਬਾਰੇ ਸਮਰੱਥ ਅਥਾਰਟੀ ਨੂੰ ਭਰੋਸਾ ਦਿਵਾਇਆ।

ਮਨਿੰਦਰਜੀਤ ਸਿੰਘ ਬੇਦੀ ਜ਼ਿਲ੍ਹਾ ਬਠਿੰਡਾ ਦੇ ਰਾਮਪੁਰਾ ਫੂਲ (ਫੂਲ ਸਬ-ਡਿਵੀਜ਼ਨ) ਨਾਲ ਸਬੰਧਤ ਹਨ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪ੍ਰੈਕਟਿਸ ਕਰ ਰਹੇ ਹਨ। ਉਹ ਆਪਣੇ ਪਰਿਵਾਰ ਵਿੱਚ ਤੀਜੀ ਪੀੜ੍ਹੀ ਦਾ ਕਾਨੂੰਨੀ ਪ੍ਰੈਕਟੀਸ਼ਨਰ ਹੈ। ਉਨ੍ਹਾਂ ਦੇ ਪੜਦਾਦਾ, ਦਾਦਾ, ਪਿਤਾ ਅਤੇ ਚਾਚਾ ਨੇ ਕਾਨੂੰਨੀ ਪ੍ਰੈਕਟੀਸ਼ਨਰ ਵਜੋਂ ਪੰਜਾਬ ਦੀ ਸੇਵਾ ਕੀਤੀ।

# ਸਹਿਕਾਰਤਾ ਸੰਮੇਲਨ ਪੰਜਾਬ ਨੂੰ ਸੰਬੋਧਨ ਕਰਦਿਆਂ ਵਧੀਕ ਮੁੱਖ ਸਕੱਤਰ, ਸਹਿਕਾਰਤਾ, ਨੇ ਡੇਅਰੀ ਅਧਾਰਤ ਕੋਆਪ੍ਰੇਟਿਵ ਸੋਸਾਇਟੀਆਂ ਦੀ ਸਫਲਤਾ ਦੀ ਕੀਤੀ ਸ਼ਲਾਘਾ

ਚੰਡੀਗੜ੍ਹ, (ਲੋਕ ਬਾਣੀ)–: ਪੰਜਾਬ ਵੱਲੋਂ ਖੇਤੀ ਵਿਭਿੰਨਤਾ ਅਤੇ ਪੇਂਡੂ ਵਿਕਾਸ ਰਾਹੀਂ ਖੇਤੀਬਾੜੀ ਵਿਕਾਸ ਲਈ ਅਪਣਾਈਆਂ ਜਾ ਰਹੀਆਂ ਨਵੀਨਤਾਕਾਰੀ ਰਣਨੀਤੀਆਂ ਦੇ ਮੱਦੇਨਜ਼ਰ, ਪੰਜਾਬ ਦੇ ਵਧੀਕ ਮੁੱਖ ਸਕੱਤਰ, ਸਹਿਕਾਰਤਾ, ਸ੍ਰੀ ਅਲੋਕ ਸ਼ੇਖਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੌਜੂਦਾ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ (ਪੈਕਸ) ਦੀ ਮਦਦ ਅਤੇ ਨਵੀਆਂ ਬਹੁਮੰਤਵੀ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ (ਐਮ.ਪੈਕਸ) ਦੀ ਸਥਾਪਨਾ ਨਾਲ ਮੱਛੀ ਪਾਲਣ ਦੇ ਖੇਤਰ ਨੂੰ ਹੁਲਾਰਾ ਦੇਣ ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।

ਅੱਜ ਇੱਥੇ ਪੰਜਾਬ ਭਵਨ ਵਿਖੇ ਹੋਏ 'ਸਹਿਕਾਰਤਾ ਸੰਮੇਲਨ ਪੰਜਾਬ' ਦੌਰਾਨ ਸ੍ਰੀ ਅਲੋਕ ਸ਼ੇਖਰ ਨੇ ਡੇਅਰੀ ਅਧਾਰਤ ਸੁਸਾਇਟੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਅਤੇ ਸਹਿਕਾਰੀ ਸਭਾਵਾਂ ਦੀ ਮਦਦ ਨਾਲ ਮੱਛੀ ਪਾਲਣ ਨੂੰ ਹੁਲਾਰਾ ਦੇਣ ਅਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਬਰਕਰਾਰ ਰੱਖਣ ਲਈ ਸੂਬੇ ਦੇ ਤਾਲਾਬਾਂ ਦੇ ਵਿਆਪਕ ਨੈੱਟਵਰਕ ਨੂੰ ਮੁੜ ਸੁਰਜੀਤ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਇਹ ਸਮਾਗਮ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਕਰਨ ਅਤੇ ਨਵੀਂ ਬਹੁਮੰਤਵੀ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਦੀ ਸਥਾਪਨਾ ਲਈ ਦੇਸ਼ ਵਿਆਪੀ ਪਹਿਲਕਦਮੀ ਦਾ ਹਿੱਸਾ ਸੀ।

ਸ੍ਰੀ ਸ਼ੇਖਰ ਨੇ ਕਿਹਾ ਕਿ ਪੰਜਾਬ ਵਿੱਚ 13,000 ਦੇ ਕਰੀਬ ਪਿੰਡ ਹਨ, ਜਿਨ੍ਹਾਂ ਵਿੱਚ ਲਗਭਗ 18,000 ਛੱਪੜ ਹਨ ਜੋ ਮੱਛੀ ਪਾਲਣ ਦੇ ਵਿਕਾਸ ਦੀਆਂ ਅਥਾਹ ਸੰਭਾਵਨਾਵਾਂ ਰੱਖਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤੇ ਤਾਲਾਬ ਸਮੇਂ ਦੇ ਨਾਲ ਸੁੱਕ ਗਏ ਹਨ, ਜਿਨ੍ਹਾਂ ਨੂੰ ਪੁਨਰ ਸੁਰਜੀਤ ਕਰਨ ਲਈ ਫੌਰੀ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਛੱਪੜਾਂ ਨੂੰ ਮੁੜ ਸੁਰਜੀਤ ਕਰਨ ਨਾਲ ਨਾ ਸਿਰਫ਼ ਮੱਛੀ ਪਾਲਣ ਨੂੰ ਹੁਲਾਰਾ ਮਿਲੇਗਾ ਸਗੋਂ ਪੇਂਡੂ ਖੇਤਰਾਂ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਅਤੇ ਵਾਤਾਵਰਣ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਵੀ ਯੋਗਦਾਨ ਪਵੇਗਾ।

ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਸ੍ਰੀ ਸ਼ੇਖਰ ਨੇ ਮੌਜੂਦਾ



ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ (ਪੈਕਸ) ਨੂੰ ਉਤਸ਼ਾਹਿਤ ਕਰਨ ਅਤੇ ਨਵੀਆਂ ਬਹੁਮੰਤਵੀ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ (ਪੈਕਸ) ਦੀ ਸਥਾਪਨਾ ਕਰਨ ਦੀ ਲੋੜ ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸੁਸਾਇਟੀਆਂ ਮੱਛੀ ਫਾਰਮਾਂ ਦੀ ਸਥਾਪਨਾ, ਉਤਪਾਦਾਂ ਦੇ ਮੰਡੀਕਰਨ ਅਤੇ ਕਿਸਾਨਾਂ ਨੂੰ ਲਾਹੇਵੰਦ ਭਾਅ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾ ਦੇ ਇੱਕ ਪ੍ਰਤੀਨਿਧੀ ਕਿਸਾਨ ਦੇ ਸੁਝਾਅ ਦਾ ਸੁਆਗਤ ਕਰਦਿਆਂ ਵਧੀਕ ਮੁੱਖ ਸਕੱਤਰ ਨੇ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਅਤੇ ਹੋਰ ਭਾਈਵਾਲਾਂ ਨਾਲ ਲਗਾਤਾਰ ਅਜਿਹੇ ਸੈਸ਼ਨ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਫੀਡਬੈਕ ਪ੍ਰਣਾਲੀ ਨੂੰ ਮਜ਼ਬੂਤ ਕਰਨ, ਸ਼ਿਕਾਇਤਾਂ ਨੂੰ ਹੱਲ ਕਰਨ, ਅਤੇ ਵਿਚਾਰ-ਚਰਚਾ ਰਾਹੀਂ ਨਵੀਨਤਾਕਾਰੀ ਵਿਚਾਰਾਂ ਨੂੰ ਉਤਸ਼ਾਹਿਤ ਕਰਨ ਲਈ ਇਹ ਇੱਕ ਮਹੱਤਵਪੂਰਨ ਪਲੇਟਫਾਰਮ ਪ੍ਰਦਾਨ ਕਰੇਗਾ। ਇਸ ਮੰਤਵ ਲਈ ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖੇਤੀਬਾੜੀ ਸਹਿਕਾਰੀ ਸਭਾਵਾਂ ਦੇ ਵਿਕਾਸ ਲਈ ਇੱਕ ਮਜ਼ਬੂਤ ਅਤੇ ਮੁਕੰਮਲ ਪਹੁੰਚ ਨੂੰ ਯਕੀਨੀ ਬਣਾਉਂਦੇ ਹੋਏ, ਜ਼ਿਲ੍ਹਾ ਅਤੇ ਰਾਜ ਦੋਵਾਂ ਪੱਧਰਾਂ ਤੇ ਅਜਿਹੇ ਸਮਾਗਮਾਂ ਨੂੰ ਕਰਵਾਉਂਦੇ ਰਹਿਣ।

ਇਸ ਤੋਂ ਪਹਿਲਾਂ, ਰਜਿਸਟਰਾਰ ਸਹਿਕਾਰੀ ਸਭਾਵਾਂ ਅਤੇ ਡਾਇਰੈਕਟਰ, ਸੂਚਨਾ ਅਤੇ ਲੋਕ ਸੰਪਰਕ, ਸ੍ਰੀ ਵਿਮਲ ਕੁਮਾਰ ਸੇਤੀਆ ਨੇ ਵਧੀਕ ਮੁੱਕ ਸਕੱਤਰ, ਸਹਿਕਾਰਤਾ, ਸ੍ਰੀ ਅਲੋਕ ਸ਼ੇਖਰ, ਸਕੱਤਰ, ਸਹਿਕਾਰਤਾ, ਸ਼੍ਰੀਮਤੀ ਰਿਤੂ ਅਗਰਵਾਲ ਅਤੇ ਹੋਰ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਸ੍ਰੀ ਸੇਤੀਆ ਨੇ ਪੰਜਾਬ ਵਿੱਚ ਸਹਿਕਾਰਤਾ ਲਹਿਰ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਮੋਹਰੀ ਉਪਰਾਲਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਨਾਲ ਪੰਜਾਬ ਦੀ ਸਹਿਕਾਰੀ ਲਹਿਰ ਤੇ ਪਰਿਵਰਤਨਸ਼ੀਲ ਪ੍ਰਭਾਵ ਪੈਣ ਦੀ ਉਮੀਦ ਹੈ, ਜਿਸ ਨਾਲ ਸਹਿਕਾਰੀ ਸਭਾਵਾਂ ਪੇਂਡੂ ਵਿਕਾਸ ਨੂੰ ਉਤਸ਼ਾਹਿਤ ਕਰਨ, ਕਿਸਾਨਾਂ ਦੀ ਆਮਦਨ ਨੂੰ ਵਧਾਉਣ ਅਤੇ ਸੂਬੇ ਦੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਵਧੇਰੇ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣ ਦੇ ਯੋਗ ਬਣ ਸਕਦੀਆਂ ਹਨ। ਉਨ੍ਹਾਂ ਨੇ ਅੱਜ ਦੇ ਸਮਾਗਮ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਇਸ ਲਾਭਕਾਰੀ ਅਤੇ ਮਹੱਤਵਪੂਰਨ ਸੰਮੇਲਨ ਲਈ ਮੁੱਢ ਬੰਨ੍ਹਿਆ।

ਇਸ ਸੰਮੇਲਨ ਦੌਰਾਨ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਦੇ ਨੁਮਾਇੰਦੇ ਕਿਸਾਨਾਂ ਸ. ਰਵਿੰਦਰ ਸਿੰਘ, ਸ. ਗੁਰਬਾਜ ਸਿੰਘ, ਅਤੇ ਸ. ਗੁਰਦੇਵ ਸਿੰਘ ਨੇ ਆਪਣੀਆਂ ਪ੍ਰੇਰਣਾਦਾਇਕ ਸਫਲਤਾ ਕਹਾਣੀਆਂ ਸਾਂਝੀਆਂ ਕੀਤੀਆਂ ਅਤੇ ਬਹੁਮੁੱਲੀ ਫੀਡਬੈਕ ਪੇਸ਼ ਕੀਤੀ। ਉਨ੍ਹਾਂ ਸਹਿਕਾਰੀ ਪਹਿਲਕਦਮੀਆਂ ਦੇ ਜ਼ਮੀਨੀ ਪੱਧਰ ਦੇ ਪ੍ਰਭਾਵ ਬਾਰੇ ਇੱਕ ਵਿਲੱਖਣ ਦ੍ਰਿਸ਼ਟੀਕੋਣ ਵੀ ਪ੍ਰਦਾਨ ਕੀਤਾ।

ਇਸੇ ਦੌਰਾਨ ਵਧੀਕ ਰਜਿਸਟਰਾਰ ਸਹਿਕਾਰੀ ਸਭਾਵਾਂ ਸ੍ਰੀ ਸੰਦੀਪ ਕੁਮਾਰ ਨੇ ਪੰਜਾਬ ਸਹਿਕਾਰਤਾ ਵਿਭਾਗ ਦੇ ਵਿਭਿੰਨ ਕਾਰਜਾਂ, ਪ੍ਰੋਗਰਾਮਾਂ ਅਤੇ ਪ੍ਰੋਜੈਕਟਾਂ ਦੀ ਬਾਰੀਕੀ ਨਾਲ ਰੂਪਰੇਖਾ ਦਿੰਦੇ ਹੋਏ ਇੱਕ ਵਿਆਪਕ ਪਾਵਰ ਪੁਆਇੰਟ ਪੇਸ਼ਕਾਰੀ ਦਿੱਤੀ। ਸਮਾਗਮ ਦੀ ਸਮਾਪਤੀ ਸ਼ੂਗਰਫੈੱਡ ਦੀ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਸੇਨੂ ਦੁੱਗਲ ਵੱਲੋਂ ਧੰਨਵਾਦ ਮਤੇ ਦੇ ਨਾਲ ਹੋਈ, ਜਿਸ ਵਿੱਚ ਸਾਰੇ ਹਾਜ਼ਰੀਨ ਅਤੇ ਭਾਗੀਦਾਰਾਂ ਦਾ ਇਕੱਠ ਵਿੱਚ ਯੋਗਦਾਨ ਪਾਉਣ ਲਈ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ।

# ਅਲਮੋੜਾ ਤੋਂ ਹਲਦਵਾਨੀ ਜਾ ਰਹੀ ਬੱਸ ਖਾਈ ਚ ਡਿੱਗੀ; 25 ਸਵਾਰਿਆਂ ਸੀ ਸਵਾਰ , ਤਿੰਨ ਦੀ ਮੌਤ



ਉੱਤਰਾਖੰਡ (ਲੋਕ ਬਾਣੀ)– ਕੁਮਾਉਂ ਡਿਵੀਜ਼ਨ ਦੇ ਭੀਮਤਾਲ ਵਿੱਚ ਅੱਜ ਇੱਕ ਵੱਡਾ ਹਾਦਸਾ ਵਾਪਰ ਗਿਆ। ਅਲਮੋੜਾ ਤੋਂ ਹਲਦਵਾਨੀ ਆ ਰਹੀ ਰੋਡਵੇਜ਼ ਦੀ ਬੱਸ ਭੀਮਤਾਲ-ਰਾਣੀਬਾਗ ਮੋਟਰ ਰੋਡ ਤੇ ਆਮਲਾਲੀ ਨੇੜੇ 1500 ਫੁੱਟ ਡੂੰਘੀ ਖਾਈ ਚ ਡਿੱਗ ਗਈ। ਬੱਸ ਖੱਡ ਚ ਡਿੱਗਣ ਕਾਰਨ ਬੱਸ ਚ ਸਵਾਰ 27 ਲੋਕ ਇਧਰ-ਉਧਰ ਖਿੱਲਰ ਗਏ। ਹਾਦਸੇ ਚ ਤਿੰਨ ਲੋਕਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਜਦਕਿ ਕੁਝ ਗੰਭੀਰ ਜ਼ਖਮੀ ਹਨ।

ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਪ੍ਰਸ਼ਾਸਨ ਮੌਕੇ ਤੇ ਪਹੁੰਚ ਗਿਆ। ਜ਼ਖਮੀਆਂ ਨੂੰ ਪੁਲਿਸ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਰੱਸੀਆਂ ਅਤੇ ਮੋਢਿਆਂ ਤੇ ਚੁੱਕ ਕੇ ਸੜਕ ਤੇ ਲਿਆਂਦਾ ਗਿਆ। ਸੜਕ ਰਾਹੀਂ ਸੀ.ਐਚ.ਸੀ ਭੀਮਤਾਲ ਲਿਜਾਇਆ ਗਿਆ ਹੈ। ਬਚਾਅ ਕਾਰਜ ਜਾਰੀ ਹੈ।

ਪ੍ਰਸ਼ਾਸਨਿਕ ਅਮਲੇ ਨੂੰ ਚੌਕਸ ਕਰ ਦਿੱਤਾ ਗਿਆ ਹੈ। ਸੁਸ਼ੀਲ ਤਿਵਾਰੀ ਨੂੰ ਅਲਰਟ ਤੇ ਰੱਖਿਆ ਗਿਆ ਹੈ। 15 ਐਂਬੂਲੈਂਸਾਂ ਨੂੰ ਹਲਦਵਾਨੀ ਭੇਜਿਆ ਗਿਆ ਹੈ। ਬਚਾਅ ਟੀਮਾਂ ਵੱਡੇ ਪੱਧਰ ਤੇ ਕੰਮ ਕਰ ਰਹੀਆਂ ਹਨ। ਚੱਕਾ ਜਾਮ ਹੋਣ ਕਾਰਨ ਮਰੀਜ਼ਾਂ ਨੂੰ ਲਿਆਉਣ ਵਿੱਚ ਦਿੱਕਤ ਆ ਰਹੀ ਹੈ।

# ਲੰਗਰ ਵਿੱਚ ਸਜਾਵਟ ਕਰਦੇ ਨੌਜਵਾਨ ਨੂੰ ਕਰੰਟ ਲੱਗਣ ਨਾਲ ਹੋਈ ਮੌਤ



(ਲੋਕ ਬਾਣੀ)– ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਫਤਿਹਗੜ੍ਹ ਸਾਹਿਬ ਜੋੜ ਮੇਲੇ ਲਈ ਸੰਗਤ ਜਾ ਰਹੀ ਹੈ। ਉਨ੍ਹਾਂ ਲਈ ਹਰ ਪਿੰਡ ਵਿੱਚ ਹਰ ਸ਼ਹਿਰ ਵਿੱਚ ਲੰਗਰ ਲਾਏ ਜਾ ਰਹੇ ਹਨ। ਕਸਬਾ ਘੱਗਾ ਵਿੱਚ ਲੰਗਰ ਦੇ ਟੈਂਟ ਵਿੱਚ ਬਿਜਲੀ ਦੀ ਸਜਾਵਟ ਕਰ ਰਹੇ ਨੌਜਵਾਨ ਸਤਵਿੰਦਰ ਸਿੰਘ ਵਾਸੀ ਬੂਟਾ ਸਿੰਘ ਵਾਲਾ (ਸਮਾਣਾ) ਦਾ ਹੱਥ ਅਚਾਨਕ ਬਿਜਲੀ ਦੀ ਤਾਰ ਨੂੰ ਲੱਗ ਗਿਆ, ਜਿਸ ਨਾਲ ਉਸਨੂੰ ਜ਼ਬਰਦਸਤ ਕਰੰਟ ਦਾ ਝਟਕਾ ਲੱਗਾ।

ਉਸ ਨੂੰ ਤੁਰੰਤ ਸਮਾਣਾ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਕਰ ਦਿੱਤਾ। ਇਸ ਘਟਨਾ ਦੀ ਬੂਟਾ ਸਿੰਘ ਵਾਲਾ ਦੇ ਸਰਪੰਚ ਅਮਰਜੀਤ ਸਿੰਘ ਅਤੇ ਪਿੰਡ ਦੇ ਚਰਨਜੀਤ ਸਿੰਘ ਨੇ ਜਾਣਕਾਰੀ ਦਿੱਤੀ। ਸਿਵਲ ਹਸਪਤਾਲ ਵਿੱਚ ਐਮਰਜੈਂਸੀ ਵਿੱਚ ਤਾਇਨਾਤ ਡਾਕਟਰ ਕੀਰਤੀ ਨੇ ਨੌਜਵਾਨ ਦੀ ਮੌਤ ਦੀ ਪੁਸ਼ਟੀ ਕੀਤੀ।

# ਚੰਡੀਗੜ੍ਹ ਨਗਰ ਨਿਗਮ ਦਾ ਐਕਸੀਅਨ ਮੁਅੱਤਲ, ਦਿਲਜੀਤ ਦੁਸਾਂਝ ਦੇ ਸ਼ੋਅ ਚ ਲਗਾਏ ਗਏ ਸੀ ਮੋਬਾਈਲ ਟਾਵਰ, ਅਧਿਕਾਰੀਆਂ ਤੋਂ ਨਹੀਂ ਲਈ ਗਈ ਇਜਾਜ਼ਤ

ਚੰਡੀਗੜ੍ਹ (ਲੋਕ ਬਾਣੀ)– ਹਾਲ ਹੀ ਵਿੱਚ ਚੰਡੀਗੜ੍ਹ ਵਿੱਚ ਹੋਏ ਦਿਲਜੀਤ ਦੁਸਾਂਝ ਦੇ ਸ਼ੋਅ ਵਿੱਚ ਆਰਜ਼ੀ ਮੋਬਾਈਲ ਟਾਵਰ ਲਗਾਉਣ ਦੀ ਮਨਜ਼ੂਰੀ ਦੇਣ ਵਾਲੇ ਨਗਰ ਨਿਗਮ ਰੋਡ ਡਿਵੀਜ਼ਨ ਨੰਬਰ 3 ਦੇ ਕਾਰਜਕਾਰੀ ਇੰਜਨੀਅਰ (ਐਕਸ.ਈ.ਐਨ.) ਅਜੈ ਗਰਗ ਨੂੰ ਨਿਗਮ ਕਮਿਸ਼ਨਰ ਅਮਿਤ ਕੁਮਾਰ ਦੀਆਂ ਹਦਾਇਤਾਂ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਕਾਰਵਾਈ ਟਾਵਰ ਲਗਾਉਣ ਦੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਕਰਨ ਅਤੇ ਸੀਨੀਅਰ ਅਧਿਕਾਰੀਆਂ ਦੀ ਇਜਾਜ਼ਤ ਲਏ ਬਿਨਾਂ ਫੈਸਲੇ ਲੈਣ ਦੇ ਦੋਸ਼ਾਂ ਤਹਿਤ ਕੀਤੀ ਗਈ ਹੈ।ਤੁਹਾਨੂੰ ਦੱਸ ਦੇਈਏ ਕਿ 13 ਦਸੰਬਰ ਨੂੰ ਭਾਰਤੀ ਏਅਰਟੈੱਲ ਲਿਮਟਿਡ ਨੂੰ ਸੈਕਟਰ-34 ਸਥਿਤ ਪ੍ਰਦਰਸ਼ਨੀ ਮੈਦਾਨ ਵਿੱਚ ਤਿੰਨ ਅਸਥਾਈ ਮੋਬਾਈਲ ਟਾਵਰ ਲਗਾਉਣ ਦੀ ਇਜਾਜ਼ਤ ਦਿੱਤੀ ਗਈ ਸੀ। ਇਹ ਟਾਵਰ ਬਿਹਤਰ ਨੈੱਟਵਰਕ ਕਵਰੇਜ ਲਈ 14 ਦਸੰਬਰ ਨੂੰ ਦਿਲਜੀਤ ਦੋਸਾਂਝ ਦੇ ਸ਼ੋਅ ਦੌਰਾਨ ਲਗਾਏ ਗਏ ਸਨ। ਇਸ ਦੇ ਲਈ ਕੰਪਨੀ ਨੇ ਨਗਰ ਨਿਗਮ ਦੇ ਖਾਤੇ ਵਿੱਚ 20 ਹਜ਼ਾਰ ਰੁਪਏ ਫੀਸ ਜਮ੍ਹਾਂ ਕਰਵਾਈ ਸੀ।

ਹਾਲਾਂਕਿ ਐਕਸੀਅਨ ਨੇ ਆਪਣੇ ਪੱਧਰ ਤੇ ਇਹ ਮਨਜ਼ੂਰੀ ਦਿੱਤੀ ਸੀ ਅਤੇ ਨਿਗਮ ਦੇ ਸੀਨੀਅਰ ਅਧਿਕਾਰੀਆਂ ਤੋਂ ਇਸ ਸਬੰਧੀ ਕੋਈ ਮਨਜ਼ੂਰੀ ਨਹੀਂ ਲਈ ਗਈ ਸੀ। ਇਸ ਗੰਭੀਰ ਬੇਨਿਯਮੀ ਦਾ ਨੋਟਿਸ ਲੈਂਦਿਆਂ ਨਗਰ ਨਿਗਮ ਕਮਿਸ਼ਨਰ ਅਮਿਤ ਕੁਮਾਰ ਨੇ ਚੀਫ਼ ਇੰਜਨੀਅਰ ਨੂੰ ਜਾਂਚ ਦੇ ਹੁਕਮ ਦਿੱਤੇ ਹਨ। ਇਸ ਤੋਂ ਬਾਅਦ ਚੀਫ ਇੰਜਨੀਅਰ ਨੇ ਅਜੇ ਗਰਗ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਤਿੰਨ ਦਿਨਾਂ ਵਿੱਚ ਜਵਾਬ ਮੰਗਿਆ ਹੈ।

ਜਾਂਚ ਦੌਰਾਨ ਤਸੱਲੀਬਖਸ਼ ਜਵਾਬ ਨਾ ਮਿਲਣ ਅਤੇ ਪ੍ਰਕਿਰਿਆ ਦੀ ਉਲੰਘਣਾ ਸਾਬਤ ਹੋਣ ਤੇ ਅਜੇ ਗਰਗ ਨੂੰ ਮੁਅੱਤਲ ਕਰ ਦਿੱਤਾ ਗਿਆ।

ਨਿਗਮ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੇ ਕਿਸੇ ਵੀ ਮਾਮਲੇ ਵਿੱਚ



ਨਿਯਮਾਂ ਦੀ ਅਣਦੇਖੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਕਾਂਗਰਸੀ ਕੌਂਸਲਰਾਂ ਨੇ ਵਿਧਾਇਕ ਧਾਲੀਵਾਲ ਦੀ ਹਾਜ਼ਰੀ 'ਚ ਅਫਵਾਹਾਂ 'ਤੇ ਲਾਇਆ ਵਿਰਾਮ



ਫ਼ਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਨਗਰ ਨਿਗਮ ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ ਮੰਨਿਆ ਜਾ ਰਿਹਾ ਹੈ ਕਿ ਕਾਂਗਰਸ ਪਾਰਟੀ ਬੇਮਿਸਾਲ ਜਿੱਤ ਨਾਲ ਸਭ ਤੋਂ ਵੱਡੀ ਪਾਰਟੀ ਹੋਣ ਦੇ ਨਾਤੇ ਆਸਾਨੀ ਨਾਲ ਆਪਣਾ ਮੇਅਰ ਬਣਾ ਲਵੇਗੀ ਪਰ ਇਸੇ ਦੌਰਾਨ ਸ਼ਹਿਰ ਵਿੱਚ ਇਹ ਚਰਚਾ ਚੱਲ ਪਈ ਕਿ ਆਪ ਪਾਰਟੀ ਬਸਪਾ ਦੇ ਤਿੰਨ ਕੌਂਸਲਰ ਤੇ ਕਾਂਗਰਸ ਦੇ ਕੁਝ ਬਾਗੀ ਕੌਂਸਲਰਾਂ ਨੂੰ ਨਾਲ ਰਲਾ ਕੇ ਅਕਾਲੀ-ਭਾਜਪਾ ਦੇ ਸਮਰਥਨ ਨਾਲ ਨਿਗਮ 'ਤੇ ਕਬਜ਼ਾ ਕਰ ਸਕਦੀ ਹੈ। ਪਰ ਅੱਜ ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਇਨ੍ਹਾਂ ਅਫਵਾਹਾਂ ਦਾ ਜਵਾਬ ਦਿੱਤਾ ਹੈ। ਉਹਨਾਂ ਨੇ ਆਪਣੀ ਰਿਹਾਇਸ਼ 'ਤੇ ਗੱਲਬਾਤ ਦੌਰਾਨ ਨਾ ਸਿਰਫ ਖੁਦ ਇਹਨਾਂ ਅਫਵਾਹਾਂ ਨੂੰ ਆਪ ਪਾਰਟੀ ਦੀ ਹਾਰ ਦੀ ਨਿਰਾਸ਼ਾ ਦੱਸਿਆ ਬਲਕਿ ਉੱਥੇ ਮੌਜੂਦ ਕਾਂਗਰਸ ਦੇ ਚੁਣੇ ਹੋਏ ਕੌਂਸਲਰਾਂ ਨੇ ਵੀ ਇੱਕ ਸੁਰ ਵਿੱਚ ਇਸ ਨੂੰ ਕੋਰੀ ਅਫਵਾਹ ਦੱਸਦਿਆਂ ਪੂਰਨ ਵਿਰਾਮ ਲਗਾਇਆ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਫਗਵਾੜਾ ਨਗਰ ਨਿਗਮ ਚੋਣਾਂ 'ਚ ਸੂਬੇ ਦੀ ਸੱਤਾਧਾਰੀ 'ਆਪ' ਪਾਰਟੀ ਨੂੰ ਸ਼ਰਮਨਾਕ ਹਾਰ ਨਸੀਬ ਹੋਈ ਹੈ। ਕਿਉਂਕਿ ਕੁੱਲ ਪੰਜਾਹਾਂ ਵਿੱਚੋਂ ਉਨ੍ਹਾਂ ਦੇ ਸਿਰਫ 12 ਕੌਂਸਲਰ ਹੀ ਚੁਣੇ ਗਏ ਹਨ। ਇਸ ਅਸਫਲਤਾ 'ਤੇ ਪਰਦਾ ਪਾਉਣ ਲਈ ਅਫਵਾਹਾਂ ਫੈਲਾ ਕੇ ਲੋਕਾਂ ਦਾ ਧਿਆਨ ਭਟਕਾਇਆ ਜਾ ਰਿਹਾ ਹੈ। ਧਾਲੀਵਾਲ ਨੇ ਵਿਅੰਗ ਕਰਦਿਆਂ ਕਿਹਾ ਕਿ ਨਿਗਮ ਦੀ ਮੀਟਿੰਗ ਦੀ ਤਰੀਕ ਦਾ ਐਲਾਨ ਕੀਤਾ ਜਾਵੇ ਤਾਂ ਜੋ ਪਤਾ ਲੱਗ ਸਕੇ ਕਿ 'ਆਪ' ਪਾਰਟੀ ਦੇ ਚੁਣੇ ਹੋਏ 12 ਕੌਂਸਲਰ ਵੀ ਉਨ੍ਹਾਂ ਦੇ ਨਾਲ ਖੜ੍ਹੇ ਹਨ ਜਾਂ ਨਹੀਂ। ਉਹਨਾਂ ਇਹ ਦਾਅਵਾ ਵੀ ਕੀਤਾ ਕਿ ਜੇਕਰ ਅੱਜ ਬਹੁਮਤ ਸਾਬਤ ਕਰਨਾ ਹੋਵੇ ਤਾਂ ਪੰਜਾਹ ਵਿੱਚੋਂ ਤੀਹ ਕੌਂਸਲਰ ਕਾਂਗਰਸ ਪਾਰਟੀ ਦੇ ਹੋਣਗੇ। ਇਸ ਦੌਰਾਨ ਕਾਂਗਰਸੀ ਕੌਂਸਲਰ ਸੰਜੀਵ ਬੁੱਗਾ ਨੇ ਕਿਹਾ ਕਿ ਉਨ੍ਹਾਂ ਦੇ 22 ਅਤੇ ਬੀ.ਐਸ.ਪੀ ਦੇ ਤਿੰਨੋਂ ਕੌਂਸਲਰ ਪੂਰੀ ਤਰ੍ਹਾਂ ਇਕਜੁੱਟ ਹਨ। ਕੌਂਸਲਰਾਂ ਨੂੰ ਧਮਕੀਆਂ ਦੇਣ ਦੀ ਕੋਸ਼ਿਸ਼ ਕਰਨ ਵਾਲੇ 'ਆਪ' ਪਾਰਟੀ ਦੇ ਆਗੂ ਅਜਿਹਾ ਕਰਨ ਤੋਂ ਗੁਰੇਜ ਕਰਨ ਨਹੀਂ ਤਾਂ ਚੰਗਾ ਨਹੀਂ ਹੋਵੇਗਾ। ਕਾਂਗਰਸ ਦੇ ਮੇਅਰ ਦੇ ਦਾਅਵੇਦਾਰ ਸੰਜੀਵ ਬੁੱਗਾ, ਪਦਮਦੇਵ ਸੁਧੀਰ ਨਿੱਕਾ, ਰਾਮਪਾਲ ਉੱਪਲ, ਮਨੀਸ਼ ਪ੍ਰਭਾਕਰ ਅਤੇ ਹੋਰਨਾਂ ਨੇ ਵੀ ਇੱਕ ਆਵਾਜ਼ ਵਿੱਚ ਕਿਹਾ ਕਿ 'ਆਪ' ਪਾਰਟੀ ਆਪਣੀ ਹਾਰ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀ ਇਸੇ ਲਈ ਮੇਅਰ ਬਣਨ ਦੇ ਸੁਪਨੇ ਦੇਖਦਿਆਂ ਮਜ਼ਾਕ ਦੀ ਪਾਤਰ ਬਣ ਰਹੀ ਹੈ। ਉਹਨਾਂ ਨੇ ਕਿਹਾ ਸੱਚ ਤਾਂ ਇਹ ਹੈ ਕਿ ਫਗਵਾੜਾ ਵਿੱਚ ਸਿਰਫ਼ ਕਾਂਗਰਸ ਪਾਰਟੀ ਦਾ ਹੀ ਮੇਅਰ ਬਣੇਗਾ। ਇੱਕ ਸਵਾਲ ਦੇ ਜਵਾਬ ਵਿਚ ਸਮੂਹ ਕਾਂਗਰਸੀ ਕੌਂਸਲਰਾਂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਜਿਸਨੂੰ ਵੀ ਹੁਕਮ ਦੇਵੇਗੀ ਉਹ ਹੀ ਕੌਂਸਲਰ ਸਰਬ ਸੰਮਤ ਮੇਅਰ ਹੋਵੇਗਾ।

# ਫਗਵਾੜਾ ਨਿਗਮ ਚੋਣਾਂ ਵਿੱਚ ਖੱਤਰੀ ਭਾਈਚਾਰੇ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ : ਭੱਲਾ/ਪੁਰੀ





ਫਗਵਾੜਾ ( ਸੁਸ਼ੀਲ ਸ਼ਰਮਾ ) ਆਲ ਇੰਡੀਆ ਖੱਤਰੀ ਸਭਾ ਅਤੇ ਖੱਤਰੀ ਸਭਾ ਪੰਜਾਬ ਨਾਲ ਸਬੰਧਤ ਖੱਤਰੀ ਸਭਾ ਰਜਿ. ਫਗਵਾੜਾ ਦੇ ਸੀਨੀਅਰ ਮੀਤ ਪ੍ਰਧਾਨ ਦਵਿੰਦਰ ਭੱਲਾ ਅਤੇ ਵਿਤਿਨ ਪੁਰੀ ਸਕੱਤਰ ਨੇ ਫਗਵਾੜਾ ਨਿਗਮ ਚੋਣਾਂ ਵਿੱਚ ਖੱਤਰੀ ਭਾਈਚਾਰੇ ਦੇ ਕੁੱਲ ਪੰਜਾਹ ਕੌਂਸਲਰਾਂ ਵਿੱਚੋਂ ਇੱਕ ਦਰਜਨ ਦੇ ਕਰੀਬ ਕੌਂਸਲਰ ਚੁਣੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਉਕਤ ਅਧਿਕਾਰੀਆਂ ਨੇ ਕਿਹਾ ਕਿ ਨਗਰ ਨਿਗਮ ਚੋਣਾਂ ਵਿੱਚ ਖੱਤਰੀ ਭਾਈਚਾਰੇ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਹੈ। ਖੱਤਰੀ ਭਾਈਚਾਰੇ ਦੀ ਸਿਆਸੀ ਮੰਚ ਤੇ ਸਰਗਰਮੀ ਸਮਾਜ ਨੂੰ ਅੱਗੇ ਲਿਜਾਣ ਚ ਸਹਾਈ ਹੋਵੇਗੀ। ਦਵਿੰਦਰ ਭੱਲਾ ਨੇ ਖੱਤਰੀ ਬਰਾਦਰੀ ਦੇ ਉਨ੍ਹਾਂ ਸਾਰੇ ਉਮੀਦਵਾਰਾਂ ਨੂੰ ਵੀ ਦਿਲਾਸਾ ਦਿੱਤਾ, ਜੋ ਇਸ ਵਾਰ ਜਿੱਤ ਨਹੀਂ ਸਕੇ, ਉਨ੍ਹਾਂ ਦੇ ਯਤਨ ਜਾਰੀ ਰੱਖਣ। ਉਨ੍ਹਾਂ ਕਿਹਾ ਕਿ ਖੱਤਰੀ ਸਭਾ ਫਗਵਾੜਾ ਵੀ ਇੱਕ ਅਜਿਹਾ ਮੰਚ ਹੈ ਜੋ ਨਾ ਸਿਰਫ਼ ਆਪਣੇ ਸਮਾਜ ਦੇ ਸਗੋਂ ਸਮਾਜ ਦੇ ਹਰ ਵਰਗ ਦੇ ਲੋੜਵੰਦ ਲੋਕਾਂ ਦੀ ਸੇਵਾ ਅਤੇ ਮਦਦ ਕਰਨ ਲਈ ਤਤਪਰ ਹੈ। ਭੱਲਾ ਅਤੇ ਪੁਰੀ ਨੇ ਸੁਸਾਇਟੀ ਨਾਲ ਸਬੰਧਤ ਚੁਣੇ ਹੋਏ ਕੌਂਸਲਰਾਂ ਅਤੇ ਹਾਰੇ ਹੋਏ ਉਮੀਦਵਾਰਾਂ ਨੂੰ ਜਥੇਬੰਦੀ ਨਾਲ ਜੁੜਨ ਦਾ ਸੱਦਾ ਦਿੱਤਾ ਤਾਂ ਜੋ ਉਹ ਫਗਵਾੜਾ ਸ਼ਹਿਰ ਅਤੇ ਇੱਥੋਂ ਦੇ ਨਾਗਰਿਕਾਂ ਦੀ ਹੋਰ ਵੀ ਮਜ਼ਬੂਤੀ ਨਾਲ ਸੇਵਾ ਕਰ ਸਕਣ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਫਗਵਾੜਾ ਨਗਰ ਨਿਗਮ ਵਿੱਚ ਜੋ ਵੀ ਮੇਅਰ ਦੇ ਅਹੁਦੇ 'ਤੇ ਬਿਰਾਜਮਾਨ ਹੋਵੇਗਾ, ਉਹ ਸ਼ਹਿਰ ਦੇ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕਰੇਗਾ।

# ਸਾਹਿਬਜ਼ਾਦਿਆਂ ਦੀ ਲਸਾਨੀ ਸ਼ਹਾਦਤ ਨੂੰ ਕੌਮੀ ਦਰਜ਼ਾ ਦੇਣਾ ਮੋਦੀ ਸਰਕਾਰ ਵੱਲੋਂ ਸਿੱਖੀ ਪ੍ਰਤੀ ਅਥਾਹ ਸ਼ਰਧਾ- ਅਰਵਿੰਦ ਖੰਨਾ

ਫ਼ਗਵਾੜਾ(ਸੁਸ਼ੀਲ ਸ਼ਰਮਾ ) ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਕੌਮੀ ਦਰਜ਼ਾ ਦੇ ਕੇ ਵੀਰ ਬਾਲ ਦਿਵਸ ਦਾ ਐਲਾਨ ਕਰਨਾ ਉਨ੍ਹਾਂ ਦੀ ਸਿੱਖੀ ਪ੍ਰਤੀ ਅਥਾਹ ਸ਼ਰਧਾ ਦੀ ਨਿਸ਼ਾਨੀ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਸ਼੍ਰੀ ਖੰਨਾ ਨੇ ਕਿਹਾ ਕਿ ਸ਼੍ਰੀ ਮੋਦੀ ਨੇ ਇਹ ਐਲਾਨ ਕਰਕੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਰਾਸ਼ਟਰੀ ਪੱਧਰ ਤੇ ਪਹੁੰਚਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਐਲਾਨ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਇਹ ਗਾਥਾ ਕਿਸੇ ਇੱਕ ਭਾਈਚਾਰੇ ਤੱਕ ਸੀਮਿਤ ਨਹੀਂ ਹੈ ਬਲਕਿ ਸਮੁੱਚੇ ਭਾਰਤ ਦੀ ਸਾਂਝੀ ਹੈ।

ਸ਼੍ਰੀ ਖੰਨਾ ਨੇ ਕਿਹਾ ਕਿ ਇਸ ਐਲਾਨ ਦੀ ਬਦੌਲਤ ਦੇਸ਼ ਭਰ ਦੇ ਨਾਗਰਿਕ ਇਸ ਸ਼ਹਾਦਤ ਨੂੰ ਸਜ਼ਦਾ ਕਰ ਸਕਣਗੇ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿੱਖ ਭਾਈਚਾਰੇ ਦੀਆਂ ਮਹਾਨ ਸ਼ਹਾਦਤਾਂ ਨੂੰ ਸਤਿਕਾਰ ਦੇਣ ਵਾਲਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀਆਂ ਸ਼ਹਾਦਤਾਂ ਸਮੁੱਚੇ ਦੇਸ਼ ਦੀਆਂ ਕਦਰਾਂ ਅਤੇ ਕੀਮਤਾਂ ਨੂੰ ਮਜ਼ਬੂਤ ਕਰਨ ਵਾਲੀਆਂ ਹਨ ਅਤੇ ਭਾਰਤੀ ਸੱਭਿਆਚਾਰ ਦੀ ਬੁਨਿਆਦ ਹਨ।ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਛੋਟੀ ਉਮਰ ਵਿੱਚ ਦ੍ਰਿੜਤਾ ਲਾਮਿਸਾਲ ਹੈ, ਜਿਸ ਅੱਗੇ ਹਰ ਇੱਕ ਦਾ ਸਿਰ ਆਪਣੇ ਆਪ ਝੁਕਦਾ ਹੈ।

ਉਨ੍ਹਾਂ ਕਿਹਾ ਕਿ ਇਸ ਸ਼ਹੀਦੀ ਦਿਹਾੜੇ ਮੌਕੇ ਹਰ ਧਰਮ ਦੇ ਲੋਕਾਂ ਵੱਲੋਂ ਸ਼੍ਰੀ ਫਤਿਹਗੜ੍ਹ ਸਾਹਿਬ ਵਿਖੇ ਸਜ਼ਦਾ ਕਰਨ ਲਈ ਪੁੱਜਣਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਇਹ ਕੁਰਬਾਨੀਆਂ



ਹਰ ਇੱਕ ਦੇ ਸਤਿਕਾਰ ਦੀਆਂ ਪਾਤਰ ਹਨ। ਇਸ ਭਾਵਨਾ ਨਾਲ ਹੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਇਸ ਦਿਵਸ ਨੂੰ ਵੀਰ ਬਾਲ ਦਿਵਸ ਐਲਾਨ ਕੇ ਦੇਸ਼ ਭਰ ਵਿੱਚ ਇਸ ਪ੍ਰਤੀ ਸਤਿਕਾਰ ਵਾਲਾ ਜਜ਼ਬਾ ਪੈਦਾ ਕਰਨ ਵਿੱਚ ਪਹਿਲ ਕੀਤੀ ਹੈ।

# ਰੋਟਰੀ ਕਲੱਬ ਫਗਵਾੜਾ ਜੈਮਸ ਨੇ ਪਵਨ ਕੁਮਾਰ ਕਾਲੜਾ ਦੀ ਅਗਵਾਈ ਹੇਠ ਲਗਾਇਆ ਯੋਗਾ ਕੈਂਪ





ਫਗਵਾੜਾ ( ਸੁਸ਼ੀਲ ਸ਼ਰਮਾ ) ਰੋਟਰੀ ਕਲੱਬ ਫਗਵਾੜਾ ਜੈਮਸ ਵੱਲੋਂ ਕਲੱਬ ਦੇ ਪ੍ਰਧਾਨ ਰੋਟੇਰੀਅਨ ਪਵਨ ਕੁਮਾਰ ਕਾਲੜਾ ਦੀ ਅਗਵਾਈ ਅਤੇ ਪ੍ਰੋਜੈਕਟ ਡਾਇਰੈਕਟਰ ਸਤੀਸ਼ ਜੈਨ ਦੀ ਦੇਖ-ਰੇਖ ਹੇਠ ਸਥਾਨਕ ਸਿਟੀ ਪੈਲੇਸ 'ਚ ਭਾਰਤ ਸਵਾਭਿਮਾਨ ਪਤੰਜਲੀ ਯੋਗਪੀਠ ਦੇ ਸਹਿਯੋਗ ਨਾਲ ਯੋਗਾ ਕੈਂਪ ਲਗਾਇਆ ਗਿਆ। ਜਿਸ ਵਿਚ ਭਾਰਤ ਸਵਾਭਿਮਾਨ ਟਰੱਸਟ ਪਤੰਜਲੀ ਯੋਗਪੀਠ ਦੇ ਕੇਂਦਰੀ ਪ੍ਰਧਾਨ ਰਾਕੇਸ਼ ਕੁਮਾਰ ਅਤੇ ਸੂਬਾਈ ਪ੍ਰਧਾਨ ਰਜਿੰਦਰ ਸ਼ਿੰਗਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਆਏ। ਉਨ੍ਹਾਂ ਨੇ ਯੋਗ ਨਾਲ ਮਨੁੱਖੀ ਜੀਵਨ ਨੂੰ ਹੋਣ ਵਾਲੇ ਲਾਭ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਕੇਂਦਰੀ ਪ੍ਰਧਾਨ ਰਾਕੇਸ਼ ਕੁਮਾਰ ਨੇ ਦੱਸਿਆ ਕਿ ਅੱਜ ਦੀ ਤਨਾਅ ਭਰੀ ਜ਼ਿੰਦਗੀ ਵਿੱਚ ਯੋਗ ਦਾ ਮਹੱਤਵ ਹੋਰ ਵੀ ਵੱਧ ਜਾਂਦਾ ਹੈ। ਰੋਜ਼ਾਨਾ ਯੋਗ ਕ੍ਰਿਆਵਾਂ ਕਰਨ ਨਾਲ ਅਸੀਂ ਆਪਣੇ ਆਪ ਨੂੰ ਕਈ ਖਤਰਨਾਕ ਅਤੇ ਮਾਰੂ ਬਿਮਾਰੀਆਂ ਤੋਂ ਬਚਾਅ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪਤੰਜਲੀ ਯੋਗਪੀਠ ਦਾ ਇੱਕੋ ਇੱਕ ਉਦੇਸ਼ ਯੋਗ ਰਾਹੀਂ ਲੋਕਾਂ ਨੂੰ ਸਿਹਤਮੰਦ ਜੀਵਨ ਪ੍ਰਦਾਨ ਕਰਨਾ ਹੈ। ਇਸ ਦੌਰਾਨ ਉਨ੍ਹਾਂ ਨੇ ਹਾਜ਼ਰੀਨ ਨੂੰ ਪ੍ਰਾਣਾਯਾਮ ਦਾ ਅਭਿਆਸ ਵੀ ਕਰਵਾਇਆ। ਮੰਚ ਸੰਚਾਲਨ ਯੋਗ ਅਧਿਆਪਕ ਦੇਵ ਸ਼ਰਮਾ ਨੇ ਕੀਤਾ। ਕਲੱਬ ਵੱਲੋਂ ਆਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਕੈਂਪ ਦੌਰਾਨ ਪਤੰਜਲੀ ਯੋਗਪੀਠ ਦੇ ਜ਼ਿਲ੍ਹਾ ਇੰਚਾਰਜ ਦੀਪਕ ਖੋਸਲਾ, ਕਲੱਬ ਦੇ ਸਕੱਤਰ ਰਾਕੇਸ਼ ਸੂਦ, ਸੰਸਥਾਪਕ ਪ੍ਰਧਾਨ ਡਾ: ਚਿਮਨ ਅਰੋੜਾ, ਸਾਬਕਾ ਪ੍ਰਧਾਨ ਆਈ.ਪੀ.ਖ਼ੁਰਾਣਾ, ਮਹਿੰਦਰ ਸੇਠੀ, ਸੁਰਿੰਦਰਾ ਚਾਵਲਾ, ਸਾਬਕਾ ਪ੍ਰਧਾਨ ਨਿਖਿਲ ਗੁਪਤਾ, ਅਨੁਜ ਜੈਨ, ਹਰਪ੍ਰੀਤ ਸਿੰਘ, ਚੰਦਰਮੋਹਨ ਸ਼ਰਮਾ, ਰਮਨ ਨਹਿਰਾ, ਕੌਂਸਲਰ ਬੀਰਾ ਰਾਮ ਬਲਜੋਤ, ਕੌਂਸਲਰ ਮਮਤਾ ਖੋਸਲਾ, ਯੋਗ ਗੁਰੂ ਅਨਿਲ ਕੋਛੜ, ਮਦਨ ਮੋਹਨ ਖੱਟਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਫਗਵਾੜਾ ਨਿਗਮ ਚੋਣਾਂ ਵਿੱਚ ਕਾਂਗਰਸ ਦੀ ਸ਼ਾਨਦਾਰ ਕਾਰਗੁਜ਼ਾਰੀ ਦਾ ਸਿਹਰਾ ਵਿਧਾਇਕ ਧਾਲੀਵਾਲ ਨੂੰ ਜਾਂਦਾ ਹੈ: ਸ਼ੰਕਰ ਝਾਂਜੀ

ਫਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਨਗਰ ਨਿਗਮ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਬੇਮਿਸਾਲ ਕਾਰਗੁਜ਼ਾਰੀ ਅਤੇ 22 ਵਾਰਡਾਂ ਵਿੱਚ ਹੋਈ ਸ਼ਾਨਦਾਰ ਜਿੱਤ ਦਾ ਸਿਹਰਾ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੇ ਸਿਰ ਜਾਂਦਾ ਹੈ। ਇਹ ਗੱਲ ਬਲਾਕ ਕਾਂਗਰਸ ਫਗਵਾੜਾ ਦੇ ਸ਼ਹਿਰੀ ਸਕੱਤਰ ਸ਼ੰਕਰ ਝਾਂਜੀ ਨੇ ਕਾਂਗਰਸ ਦੀ ਕਾਰਗੁਜ਼ਾਰੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਹੀ । ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਸੋਚੀ ਸਮਝੀ ਅਤੇ ਪ੍ਰਭਾਵਸ਼ਾਲੀ ਰਣਨੀਤੀ ਤਹਿਤ ਨਿਗਮ ਚੋਣਾਂ ਇਕਜੁੱਟ ਹੋ ਕੇ ਲੜੀਆਂ ਅਤੇ ਸ਼ਾਨਦਾਰ ਜਿੱਤ ਹਾਸਲ ਕੀਤੀ। ਕਾਂਗਰਸ ਦੀ ਸ਼ਾਨਦਾਰ



ਜਿੱਤ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਲੋਕਾਂ ਦੇ ਗੁੱਸੇ ਦਾ ਸਪੱਸ਼ਟ ਸੰਕੇਤ ਹੈ। ਉਨ੍ਹਾਂ ਕਿਹਾ ਕਿ ਫਗਵਾੜਾ ਦੇ ਲੋਕਾਂ ਨੇ 'ਆਪ' ਪਾਰਟੀ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ। ਕਿਉਂਕਿ ਲੱਕੜ ਦਾ ਘੜਾ ਵਾਰ-ਵਾਰ ਨਹੀਂ ਉਬਲਦਾ ਅਤੇ ਝੂਠੇ ਲਾਲਚ ਦੇ ਜ਼ੋਰ ਤੇ ਹਰ ਚੋਣ ਨਹੀਂ ਜਿੱਤੀ ਜਾ ਸਕਦੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਕਾਂਗਰਸ ਪਾਰਟੀ ਵੱਲੋਂ ਮੇਅਰ ਦਾ ਅਹੁਦਾ ਕਿਸੇ ਯੋਗ ਤੇ ਸੀਨੀਅਰ ਕੌਂਸਲਰ ਨੂੰ ਸੌਂਪਿਆ ਜਾਵੇਗਾ। ਤਾਂ ਜੋ ਵਿਧਾਇਕ ਧਾਲੀਵਾਲ ਦੀ ਰਹਿਨੁਮਾਈ ਅਤੇ ਕਾਂਗਰਸ ਪਾਰਟੀ ਦੇ ਸੰਭਾਵੀ ਮੇਅਰ ਦੀ ਅਗਵਾਈ ਹੇਠ ਫਗਵਾੜਾ ਦੇ ਸਾਰੇ ਵਾਰਡਾਂ ਦਾ ਸਹੀ ਢੰਗ ਨਾਲ ਵਿਕਾਸ ਕੀਤਾ ਜਾ ਸਕੇ।

# ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਪਹੁੰਚੇ ਖਨੌਰੀ ਸਰਹੱਦ, ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਿਲੇ

**ਫ਼ਗਵਾੜਾ (ਸੁਸ਼ੀਲ ਸ਼ਰਮਾ)** ਪਾਰਲੀਮੈਂਟ ਮੈਂਬਰ ਗੁਰਜੀਤ ਸਿੰਘ ਔਜਲ ਅੱਜ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਿਲਣ ਖਨੌਰੀ ਸਰਹੱਦ ਪੁੱਜੇ। ਡੱਲੇਵਾਲ ਐਮਐਸਪੀ ਗਾਰੰਟੀ ਕਾਨੂੰਨ ਦੀ ਮੰਗ ਨੂੰ ਲੈ ਕੇ ਪਿਛਲੇ ਤੀਹ ਦਿਨਾਂ ਤੋਂ ਭੁੱਖ ਹੜਤਾਲ 'ਤੇ ਹਨ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਉੱਥੇ ਪਹੁੰਚ ਕੇ ਉਨ੍ਹਾਂ ਦਾ ਹਾਲ ਚਾਲ ਪੁੱਛਿਆ ਅਤੇ ਕਿਹਾ ਕਿ ਕੇਂਦਰ ਨੂੰ ਕਿਸਾਨਾਂ ਦੀਆਂ ਮੰਗਾਂ ਵੱਲ ਜਲਦੀ ਤੋਂ ਜਲਦੀ ਧਿਆਨ ਦੇਣਾ ਚਾਹੀਦਾ ਹੈ।



ਸਾਂਸਦ ਗੁਰਜੀਤ ਸਿੰਘ ਔਜਲਾ ਨੇ ਕਿਸਾਨ ਆਗੂ ਡੱਲੇਵਾਲ ਨਾਲ ਮੁਲਾਕਾਤ ਕਰਕੇ ਕਿਹਾ ਕਿ ਉਹ ਅਰਦਾਸ ਕਰਦੇ ਹਨ ਕਿ ਪ੍ਰਮਾਤਮਾ ਕੇਂਦਰ ਸਰਕਾਰ ਨੂੰ ਇਸ ਮੁੱਦੇ ਨੂੰ ਗੰਭੀਰਤਾ ਨਾਲ ਲੈਣ ਅਤੇ ਡੱਲੇਵਾਲ ਜੀ ਦੇ ਮਰਨ ਵਰਤ ਨੂੰ ਖਤਮ ਕਰਨ ਦੀ ਸੂਝ ਬਖਸ਼ੇ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਕਿਸਾਨ ਆਪਣੇ ਹੱਕਾਂ ਦੇ ਨਾਲ-ਨਾਲ ਪੰਜਾਬ ਦੇ ਹੱਕਾਂ ਦੀ ਗੱਲ ਕਰ ਰਹੇ ਹਨ, ਪਰ ਕੇਂਦਰ ਸਰਕਾਰ ਕੰਨਾਂ ਵਿੱਚ ਰੂੰ ਪਾ ਕੇ ਬੈਠੀ ਹੈ। ਅਜਿਹੇ ਸਖ਼ਤ ਰੁਖ਼ ਦਾ ਮਤਲਬ ਹੈ ਕਿ ਭਾਜਪਾ ਸਿਰਫ਼ ਆਪਣੇ ਤਾਨਾਸ਼ਾਹੀ ਰਵੱਈਏ ਨੂੰ ਸਹੀ ਸਮਝ ਰਹੀ ਹੈ ਅਤੇ ਦੇਸ਼ ਨੂੰ ਆਪਣੀ ਜਾਇਦਾਦ ਸਮਝ ਰਹੀ ਹੈ। ਉਨ੍ਹਾਂ ਕਿਹਾ ਕਿ ਡੱਲੇਵਾਲ ਪਿਛਲੇ ਤੀਹ ਦਿਨਾਂ ਤੋਂ ਮਰਨ ਵਰਤ 'ਤੇ ਹਨ। ਉਨ੍ਹਾਂ ਦੀ ਸਿਹਤ ਲਗਾਤਾਰ ਵਿਗੜ ਰਹੀ ਹੈ ਪਰ ਕਿਸੇ ਕੇਂਦਰੀ ਮੰਤਰੀ ਨੇ ਉਨ੍ਹਾਂ ਦੀ ਹਾਲਤ ਜਾਣਨ ਦੀ ਕੋਸ਼ਿਸ਼ ਨਹੀਂ ਕੀਤੀ। ਕਾਂਗਰਸ ਨੇ ਵੀ ਇਸ ਮੁੱਦੇ ਤੇ ਗੱਲ ਕਰਨ ਲਈ ਸਮਾਂ ਮੰਗਿਆ ਪਰ ਨਹੀਂ ਮਿਲਿਆ। ਹੁਣ ਫਿਰ ਉਹ ਕੇਂਦਰ ਅੱਗੇ ਆਪਣੀ ਆਵਾਜ਼ ਉਠਾਉਣ ਲਈ ਸਮਾਂ ਮੰਗਣਗੇ। ਉਹ ਚਾਹੁੰਦੇ ਹੈ ਕਿ ਡੱਲੇਵਾਲ ਵਰਗੇ ਆਗੂ ਹਮੇਸ਼ਾ ਉਹਨਾਂ ਦਾ ਮਾਰਗਦਰਸ਼ਨ ਕਰਨ ਪਰ ਕੇਂਦਰ ਸਰਕਾਰ ਡੱਲੇਵਾਲ ਵਰਗਾ ਮਜ਼ਬੂਤ ਥੰਮ੍ਹ ਡਿੱਗਾਣਾ ਚਾਹੁੰਦੀ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦਾ ਮਸਲਾ ਜਲਦੀ ਤੋਂ ਜਲਦੀ ਹੱਲ ਕਰਕੇ ਉਨ੍ਹਾਂ ਨੂੰ ਐਮ. ਐਸ.ਪੀ.ਗਾਰੰਟੀ ਕਾਨੂੰਨ ਦੇਵੇ।

ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਪੰਜਾਬ ਦੇ ਉੱਜਵਲ ਭਵਿੱਖ ਲਈ ਘੱਟੋ-ਘੱਟ ਸਮਰਥਨ ਮੁੱਲ ਬਹੁਤ ਜ਼ਰੂਰੀ ਹੈ। ਸਰਕਾਰ ਚਾਹੁੰਦੀ ਹੈ ਕਿ ਪੰਜਾਬ ਵਿੱਚ ਵਿਭਿੰਨਤਾ ਆਵੇ ਪਰ ਐਮਐਸਪੀ ਤੋਂ ਬਿਨਾਂ ਵਿਭਿੰਨਤਾ ਨਹੀਂ ਆ ਸਕਦੀ। ਉਨ੍ਹਾਂ ਕਿਹਾ ਕਿ ਵਿਭਿੰਨਤਾ ਤੋਂ ਬਿਨਾਂ ਪੰਜਾਬ ਦਾ ਪਾਣੀ ਬਚ ਨਹੀਂ ਸਕਦਾ। ਉਨ੍ਹਾਂ ਗੁਰਜੀਤ ਸਿੰਘ ਔਜਲਾ ਨੂੰ ਕਿਹਾ ਕਿ ਸਾਰੇ ਆਗੂਆਂ ਨੂੰ ਇਕੱਠੇ ਹੋ ਕੇ ਕੇਂਦਰ ਤੋਂ ਐਮਐਸਪੀ ਦੀ ਮੰਗ ਕਰਨੀ ਚਾਹੀਦੀ ਹੈ ਕਿਉਂਕਿ ਇਹ ਸਿਰਫ਼ ਉਨ੍ਹਾਂ ਲਈ ਹੀ ਨਹੀਂ ਸਗੋਂ ਪੰਜਾਬ ਲਈ ਬਹੁਤ ਜ਼ਰੂਰੀ ਹੈ। ਜਿਸ ਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲ ਨੇ ਕਿਹਾ ਕਿ ਉਹ ਭਰੋਸਾ ਦਿੰਦੇ ਹਨ ਕਿ ਉਹ ਇਸ ਮੁੱਦੇ ਤੇ ਕੇਂਦਰ ਨਾਲ ਜ਼ਰੂਰ ਗੱਲਬਾਤ ਕਰਨਗੇ।

ਰੋਜ਼ਾਨਾ ਲੋਕ ਬਾਣੀ www.lokbani

# ਕਾਨਪੁਰ ਚ ਧੂਮਧਾਮ ਨਾਲ ਮਨਾਇਆ ਗਿਆ ਕ੍ਰਿਸਮਸ ਦਾ ਦਿਨ, ਚਰਚਾਂ ਚ ਅਰਦਾਸ



**ਕਾਨਪੁਰ (ਸੁਨੀਲ ਬਾਜਪਾਈ)** ਇਸ ਸੰਵੇਦਨਸ਼ੀਲ ਮਹਾਂਨਗਰ ਵਿੱਚ ਬੁੱਧਵਾਰ ਨੂੰ ਕ੍ਰਿਸਮਿਸ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਭਰ ਦੇ ਚਰਚਾਂ ਅਤੇ ਘਰਾਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਬੀਤੀ ਰਾਤ ਤੋਂ ਲੈ ਕੇ ਅੱਜ ਦੀ ਖ਼ਬਰ ਲਿਖੇ ਜਾਣ ਤੱਕ ਸ਼ਹਿਰ ਭਰ ਦੇ ਚਰਚਾਂ ਵਿੱਚ ਇੱਕ ਦੂਜੇ ਨੂੰ ਪ੍ਰਾਰਥਨਾਵਾਂ ਅਤੇ ਸ਼ੁਭਕਾਮਨਾਵਾਂ ਦੇਣ ਦਾ ਸਿਲਸਿਲਾ ਜਾਰੀ ਰਿਹਾ। ਇਸ ਦੌਰਾਨ ਸ਼ਹਿਰ ਦੀਆਂ ਕਈ ਇਮਾਰਤਾਂ ਕ੍ਰਿਸਮਸ ਦੇ ਰੰਗਾਂ ਵਿੱਚ ਰੰਗੀਆਂ ਹੋ ਕੇ ਜੀਸਸ ਦਾ ਸਵਾਗਤ ਕਰਦੀਆਂ ਨਜ਼ਰ ਆਈਆਂ। ਇਸ ਤੋਂ ਇਲਾਵਾ ਸਾਂਤਾ ਕਲਾਜ਼ ਵੀ ਵੱਖ-ਵੱਖ ਥਾਵਾਂ ਤੇ ਲੋਕਾਂ ਨੂੰ ਖੁਸ਼ੀਆਂ ਵੰਡਦੇ ਨਜ਼ਰ ਆਏ। ਅੱਜ ਈਸਾਈ ਭਾਈਚਾਰੇ ਦੇ ਲੋਕ ਪਹਿਰਾਵਾ ਸਜਾ ਕੇ ਚਰਚਾਂ ਵਿਚ ਪਹੁੰਚੇ ਅਤੇ ਇਕ ਦੂਜੇ ਨੂੰ ਦੇਸ਼ ਅਤੇ ਦੁਨੀਆ ਵਿਚ ਸ਼ਾਂਤੀ ਅਤੇ ਖੁਸ਼ਹਾਲੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ ਅਤੇ ਇਕ ਦੂਜੇ ਨੂੰ ਕ੍ਰਿਸਮਸ ਦੇ ਤਿਉਹਾਰ ਦੀਆਂ ਸ਼ੁੱਭਕਾਮਨਾਵਾਂ ਵੀ ਦਿੱਤੀਆਂ।

ਇਸ ਦੌਰਾਨ ਬੱਚੇ ਸੈਂਟਾ ਕਲਾਜ਼ ਅਤੇ ਏਂਜਲ ਦੀ ਪੁਸ਼ਾਕ ਵਿੱਚ ਸਜੇ ਨਜ਼ਰ ਆਏ। ਘਰਾਂ ਨੇ ਕੇਕ ਕੱਟ ਕੇ ਅਤੇ ਇੱਕ ਦੂਜੇ ਨੂੰ ਵਧਾਈਆਂ ਦੇ ਕੇ ਕ੍ਰਿਸਮਿਸ ਦਾ ਜਸ਼ਨ ਮਨਾਇਆ।

ਰੋਜ਼ਾਨਾ ਲੋਕ ਬਾਣੀ www.lokbani

# ਪਿੰਡ ਸਾਹਨੀ ਵਿਖੇ ਮਨਾਇਆ ਲਸਾਨੀ ਸ਼ਹਾਦਤਾਂ ਨੂੰ ਸਮਰਪਿਤ 47ਵਾਂ ਸ਼ਹੀਦੀ ਪੁਰਬ

**ਫਗਵਾੜਾ ( ਸੁਸ਼ੀਲ ਸ਼ਰਮਾ )** ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਵੱਡੇ ਸਾਹਿਬਜਾਦਿਆਂ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਚਮਕੌਰ ਸਾਹਿਬ ਦੀ ਜੰਗ ਵਿਚ ਸ਼ਹੀਦ ਹੋਏ ਸਿੰਘਾਂ, ਸਿੰਘਣੀਆਂ ਦਾ ਸ਼ਹੀਦੀ ਪੁਰਬ ਪਿੰਡ ਸਾਹਨੀ ਤਹਿਸੀਲ ਫਗਵਾੜਾ ਵਿਖੇ ਗੁਰਮਤਿ ਪ੍ਰਚਾਰ ਸਭਾ ਸਾਹਨੀ ਅਤੇ ਨਗਰ ਨਿਵਾਸੀ ਸੰਗਤ ਵਲੋਂ ਦੇਸ਼ ਵਿਦੇਸ਼ ਗਏ ਸਾਹਨੀ ਨਿਵਾਸੀਆਂ ਦੇ ਸਹਿਯੋਗ ਨਾਲ 47ਵੀਂ ਵਾਰ ਮਨਾਇਆ ਗਿਆ। ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੰਪੂਰਨਤਾ ਉਪਰੰਤ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਗਿਆਨੀ ਸੁਖਵਿੰਦਰ ਸਿੰਘ ਅਨਮੋਲ ਦੇ ਪੰਥਕ ਢਾਡੀ ਜਥੇ ਨੇ ਚਮਕੌਰ ਸਾਹਿਬ ਦੇ ਸ਼ਹੀਦੀ ਸਾਕੇ ਦਾ ਇਤਿਹਾਸ ਲੜੀਵਾਰ ਸੰਗਤਾਂ ਨੂੰ ਸੁਣਾਇਆ। ਇਸ ਮੌਕੇ ਗੁਰਸਿੱਖ ਬੱਚੇ ਬੱਚੀਆਂ ਨੇ ਸਾਹਿਬਜਾਦਿਆਂ ਦੀ ਸ਼ਹੀਦੀ ਨਾਲ ਸਬੰਧਤ ਕਵਿਤਾਵਾਂ ਪੜ੍ਹੀਆਂ। ਗੁਰਮਤਿ ਸਮਾਗਮ ਦੀ ਸਫਲਤਾ ਲਈ ਗੁਰਮਤਿ ਪ੍ਰਚਾਰ ਸਭਾ ਸਾਹਨੀ ਦੇ ਮੁੱਖ ਸੇਵਾਦਾਰ ਮਾਸਟਰ ਅਜੀਤ ਸਿੰਘ ਖਾਲਸਾ, ਮਾਸਟਰ ਤਰਸੇਮ ਸਿੰਘ ਕਾਹਲੋਂ, ਦਲਵਿੰਦਰ ਸਿੰਘ ਯੂ.ਕੇ., ਜਰਨੈਲ ਸਿੰਘ ਜਰਮਨ, ਸੁਦਾਗਰ ਸਿੰਘ ਇਟਲੀ, ਆੜ੍ਹਤੀ ਪਲਵਿੰਦਰ ਸਿੰਘ ਕਾਹਲੋਂ, ਜਸਵੰਤ ਸਿੰਘ ਜਰਮਨ ਨਿਵਾਸੀ ਨੇ ਵਿਸ਼ੇਸ਼ ਸਹਿਯੋਗ ਦਿੱਤਾ।



ਸੰਗਤਾਂ ਵਿਚ ਕਿਸਾਨ ਨੇਤਾ ਸਤਨਾਮ ਸਿੰਘ ਸਾਹਨੀ ਮਾਸਟਰ ਤਰਸੇਮ ਸਿੰਘ ਕਨੇਡਾ, ਬਹਾਦਰ ਸਿੰਘ ਸੰਗਤਪੁਰ, ਜਸਪ੍ਰੀਤ ਸਿੰਘ ਜੀ.ਐਨ.ਏ. ਯੂਨੀਵਰਸਿਟੀ, ਸਿੱਖ ਸੇਵਾ ਸੁਸਾਇਟੀ ਦੇ ਫਾਉਂਡਰ ਮੈਂਬਰ ਅਮਨਪ੍ਰੀਤ ਸਿੰਘ ਖਾਲਸਾ, ਗੁਰਦੁਆਰਾ ਕੌਲਸਰ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਬੱਲ, ਅਕਾਲੀ ਗੁਰਦੁਆਰਾ ਫਗਵਾੜਾ ਤੋਂ ਦਵਿੰਦਰ ਸਿੰਘ ਸਕੱਤਰ, ਗਿਆਨੀ ਗੁਰਬਖਸ਼ ਸਿੰਘ ਹੈੱਡ ਗ੍ਰੰਥੀ, ਮਹਿੰਦਰ ਸਿੰਘ ਪ੍ਰਧਾਨ, ਗਿਆਨੀ ਭਗਵਾਨ ਸਿੰਘ, ਗਿਆਨੀ ਗੁਲਜਾਰ ਸਿੰਘ ਯੂ.ਐਸ.ਏ., ਬੀਬੀ ਬਖਸ਼ਿੰਦਰ ਕੌਰ ਸਰਪੰਚ ਸਾਹਨੀ, ਸਾਬਕਾ ਸਰਪੰਚ ਬੀਬੀ ਪਰਮਜੀਤ ਕੌਰ, ਸਤਨਾਮ ਸਿੰਘ ਪ੍ਰਧਾਨ, ਗਿਆਨੀ ਰਣਜੀਤ ਸਿੰਘ, ਅਜੀਤ ਸਿੰਘ ਨੰਬਰਦਾਰ, ਪਲਵਿੰਦਰ ਸਿੰਘ ਕਾਹਲੋਂ, ਅਵਤਾਰ ਸਿੰਘ ਕਾਹਲੋਂ, ਗ੍ਰਾਮ ਪੰਚਾਇਤ ਸਾਹਨੀ ਗੁਰੂ ਤੇਗ ਬਹਾਦਰ ਸਾਹਿਬ ਸਪੋਰਟਸ ਕਲੱਬ ਸਾਹਨੀ ਦੇ ਮੈਂਬਰ, ਸ਼੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸਾਹਨੀ ਦੇ ਬੀਬੀਆਂ ਦੇ ਜੱਥੇ ਤੋਂ ਇਲਾਵਾ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਹਾਜਰ ਸਨ। ਅਖੀਰ ਵਿਚ ਮਾਸਟਰ ਅਜੀਤ ਸਿੰਘ ਖਾਲਸਾ ਨੇ ਸੰਗਤਾਂ ਦਾ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

# ਢੀਂਡਸਾ ਫਾਰਮ ਰੰਧਾਵਾ ਰੋਡ ਵਿਖੇ ਚਾਹ ਅਤੇ ਬਰੈਡ ਪਕੌੜਿਆਂ ਦਾ ਲੰਗਰ ਲਗਾਇਆ



**ਖਰੜ, (ਕਾਲਾ ਸਿੰਘ ਸੈਣੀ )-** ਧੰਨ-ਧਨ ਮਾਤਾ ਗੁਜ਼ਰੀ ਜੀ, ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ,ਬਾਬਾ ਫਤਿਹ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਰੰਧਾਵਾ ਰੋਡ ਖਰੜ ਢੀਂਡਸਾ ਫਾਰਮ ਵਿਖੇ ਚਾਹ ਅਤੇ ਬਰੈਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਚਰਨਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦੀ ਯਾਦ ਵਿਚ ਇਹ ਲੰਗਰ ਲਗਾਇਆ ਜਾਂਦਾ ਹੈ। ਇਸ ਮੌਕੇ ਸਵਰਨ ਸਿੰਘ ਢੀਂਡਸਾ, ਹਰਪਾਲ ਸਿੰਘ, ਸਰਬਜੀਤ ਸਿੰਘ ਲਹਿਰਾ, ਜਗਦੀਪ ਸਿੰਘ ਢੀਂਡਸਾ, ਅਮਰਿੰਦਰ ਸਿੰਘ, ਗੁਰਪ੍ਰੀਤ ਸਿੰਘ ਜਤਿੰਦਰ ਸਿੰਘ, ਇੰਦਰਪ੍ਰੀਤ ਸਿੰਘ, ਅਜੈਬ ਸਿੰਘ, ਗੁਰਮੁੱਖ ਸਿੰਘ, ਬਲਜਿੰਦਰ ਸਿੰਘ ਮਨਿੰਦਰਪਾਲ ਸਿੰਘ, ਪਵਿੱਤਰ ਸਿੰਘ, ਅਮਨਪ੍ਰੀਤ ਸਿੰਘ, ਗੁਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਹਰਵਿੰਦਰ ਸਿੰਘ, ਗੁਰਮੀਤ ਸਿੰਘ, ਸੱਜਣ ਸਿੰਘ ਹਰਮਿੰਦਰ ਸਿੰਘ, ਜਤਿੰਦਰਪਾਲ ਸਿੰਘ, ਹਰਪ੍ਰੀਤ ਸਿੰਘ ਸਿੰਘ, ਗੁਰਵੀਰ ਸਿੰਘ, ਰਘਵੀਰ ਸਿੰਘ, ਹਰਜੀਤ ਸਿੰਘ ਸਮੇਤ ਹੋਰ ਇਲਾਕਾ ਨਿਵਾਸੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਭਾਜਪਾ ਵਲੋਂ ਦੇਸ਼ ਦੇ ਮਰਹੂਮ ਪ੍ਰਧਾਨ ਅਟਲ ਬਿਹਾਰੀ ਵਾਜਪਾਈ ਜੀ ਦਾ ਜਨਮ ਦਿਹਾੜਾ ਮਨਾਇਆ



ਖਰੜ ( ਕਾਲਾ ਸਿੰਘ ਸੈਣੀ )-ਭਾਰਤੀ ਜਨਤਾ ਪਾਰਟੀ ਵਲੋਂ ਦੇਸ਼ ਦੇ ਮਰਹੂਮ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਜੀ ਦਾ ਉਨਾਂ ਦਾ ਜਨਮ ਦਿਨ ਮਨਾਇਆ ਗਿਆ ਅਤੇ ਉਨਾਂ ਦੀ ਤਸਵੀਰ ਤੇ ਫੁੱਲ ਮਲਾਵਾਂ ਭੇਂਟ ਕਰਕੇ ਉਨਾਂ ਵਲੋਂ ਦੇਸ਼ ਲਈ ਕੀਤੇ ਕੰਮਾਂ ਨੂੰ ਸਲਾਹਿਆ ਗਿਆ। ਭਾਜਪਾ ਦੇ ਜਿਲਾ ਮੁਹਾਲੀ ਦੇ ਸੀਨੀਅਰ ਮੀਤ ਪ੍ਰਧਾਨ ਪਵਨ ਮਨੋਚਾ ਨੇ ਮੀਟਿੰਗ ਦੌਰਾਨ ਉਨਾਂ ਵਲੋਂ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਹਾਜ਼ਰੀਨ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਤੇ ਕਿਹਾ ਕਿ ਉਨਾਂ ਆਪਣੇ ਕਾਰਜਕਾਲ ਦੌਰਾਨ ਦੇਸ਼ ਲਈ ਚੰਗੇ ਕੰਮ ਕੀਤੇ ਜਿਸ ਕਾਰਨ ਅੱਜ ਉਨਾਂ ਨੂੰ ਦੇਸ਼ ਦੇ ਲੋਕ ਸਹਾਰਨਾ ਕਰ ਰਹੇ ਹਨ। ਇਸ ਮੌਕੇ ਭਾਜਪਾ ਦੀ ਜਿਲਾ ਕਾਰਜਕਾਰੀ ਮੈਂਬਰ ਸੁਨੀਤਾ ਠਾਕੁਰ, ਜੋਰਾ ਸਿੰਘ, ਤਜਿੰਦਰਪਾਲ ਸਿੰਘ, ਪਿਊਸ ਦੇਵਗਨ, ਚੈਰੀ ਮਨੋਚਾ, ਰਾਮਪਾਲ ਸਿੰਘ ਸਮੇਤ ਹੋਰ ਵਰਕਰ ਤੇ ਅਹੁੱਦੇਦਾਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਗਿਲਕੋ ਗਰੁੱਪ ਵਲੋਂ ਤਿੰਨ ਰੋਜ਼ਾ ਲੰਗਰ ਦੀ ਸ਼ੁਰੂਆਤ




ਖਰੜ (ਕਾਲਾ ਸਿੰਘ ਸੈਣੀ )-ਧੰਨ-ਧਨ ਮਾਤਾ ਗੁਜ਼ਰੀ ਜੀ, ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ,ਬਾਬਾ ਫਤਿਹ ਸਿੰਘ ਜੀ ਦੀ ਸ਼ਹਾਦਤ ਨੂੰ ਸਰਮਪਿਤ ਗਿਲਕੋ ਗਰੁੱਪ ਖਰੜ ਵਲੋਂ ਸਲਾਨਾ ਤਿੰਨ ਰੋਜ਼ਾ ਲੰਗਰ ਲਗਾਇਆ ਜਿਸ ਵਿਚ ਰਣਜੀਤ ਸਿੰਘ ਗਿੱਲ, ਰਣਧੀਰ ਸਿੰਘ ਧੀਰ, ਮੈਡਮ ਗੀਤਿਕ ਸਚਦੇਵਾ ਅਤੇ ਗਿਲਕੋ ਸਮੂਹ ਦੇ ਕਰਮਚਾਰੀ ਵਲੋਂ ਸੇਵਾ ਕੀਤੀਆਂ ਗਈਆਂ।




ਬੀ.ਜੇ.ਬੀ.ਐਫ਼ ਗਰੁੱਪ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਬੱਸ ਸਟੈਂਡ ਖਰੜ ਵਿਖੇ ਲੰਗਰ ਲਗਾਇਆ ਗਿਆ। ਇਸ ਮੌਕੇ ਸਰਬਜੀਤ ਸਿੰਘ, ਸ਼ਬੀਰ ਅਹਿਮਦ, ਚਰਨਜੀਤ ਸਿੰਘ ਤੇ ਪ੍ਰਕਾਸ਼ ਸਿੰਘ ਅਤੇ ਸੇਵਾਦਾਰ ਹਾਜ਼ਰ ਸਨ।
ਫੋਟੋ ਤੇ ਵੇਰਵਾ:ਕਾਲਾ ਸਿੰਘ ਸੈਣੀ।

# ਡੀ.ਏ.ਵੀ ਇੰਟਰਨੈਸ਼ਨਲ ਸਕੂਲ ਵਿਖੇ ਸਾਬਕਾ ਵਿਦਿਆਰਥੀਆਂ ਦਾ ਕੀਤਾ ਸਨਮਾਨ




ਫ਼ਗਵਾੜਾ (ਸੁਸ਼ੀਲ ਸ਼ਰਮਾ) ਡੀ.ਏ.ਵੀ. ਇੰਟਰਨੈਸ਼ਨਲ ਸਕੂਲ,ਅੰਮ੍ਰਿਤਸਰ ਵਿਖੇ ਪਿੰਸੀਪਲ ਡਾ.ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਸਾਬਕਾ ਵਿਦਿਆਰਥੀਆਂ ਲਈ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ । ਸਾਬਕਾ ਵਿਦਿਆਰਥੀਆਂ ਨੂੰ ਸਕੂਲ ਦੇ ਵਿਹੜੇ ਵਿੱਚ ਤਿਲਕ ਲਗਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਹੋਣਹਾਰ ਵਿਦਿਆਰਥਣ ਪਾਇਲਟ ਧ੍ਰਿਤੀ ਗੁਲਾਟੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾ ਕੇ ਕੀਤੀ ਗਈ ਅਤੇ ਡੀ.ਏ.ਵੀ.ਗਨ ਤੋਂ ਹੋਇਆ। ਪਿੰਸੀਪਲ ਡਾ.ਅੰਜਨਾ ਗੁਪਤਾ ਨੇ ਧ੍ਰਿਤੀ ਗੁਲਾਟੀ ਨੂੰ ਇਕ ਪੋਦਾ ਭੇਟ ਕਰਕੇ ਸਨਮਾਨਿਤ ਕਰਦਿਆਂ ਕਿਹਾ ਕਿ ਆਪਣੇ ਸਾਬਕਾ ਵਿਦਿਆਰਥੀਆਂ ਨੂੰ ਸਫ਼ਲਤਾ ਦੀਆਂ ਬੁਲੰਦੀਆਂ ਤੇ ਦੇਖ ਕੇ ਉਹ ਆਪਣੇ ਹੱਥਾਂ ਨਾਲ ਬੀਜੇ ਗਏ ਛੋਟੇ ਬੂਟੇ ਨੂੰ ਉਗਾਉਣ ਅਤੇ ਪਾਲਣ-ਪੋਸ਼ਣ ਕਰਨ ਵਾਲੇ ਮਾਲੀ ਵਾਂਗ ਮਾਣ ਮਹਿਸੂਸ ਕਰਦੀ ਹੈ। ਉਸ ਨੇ ਕਿਹਾ ਕਿ ਉਹ ਬਹੁਤ ਮਾਣ ਮਹਿਸੂਸ ਕਰ ਰਹੀ ਹੈ ਕਿ ਧ੍ਰਿਤੀ ਗੁਲਾਟੀ ਨੇ ਅਮਰੀਕਾ ਦੇ ਫਲੋਰੀਡਾ ਫਲਾਈਟ ਟਰੇਨਿੰਗ ਸੈਂਟਰ ਤੋਂ ਪਾਇਲਟ ਦੀ ਸਿਖਲਾਈ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਸਬੂਤ ਦੇ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਬਹੁਤ ਖੁਸ਼ੀ ਦਾ ਮੌਕਾ ਹੈ ਕਿ ਸਾਬਕਾ ਵਿਦਿਆਰਥੀ ਸਕੂਲ ਦੇ ਵਿਹੜੇ ਵਿੱਚ ਇਕੱਠੇ ਹੋਏ ਹਨ। ਸਕੂਲ ਦੇ ਮੌਜੂਦਾ ਨਾਮਕਰਨ ਦਾ ਸਿਹਰਾ ਵੀ ਸਾਬਕਾ ਵਿਦਿਆਰਥੀਆਂ ਨੂੰ ਜਾਂਦਾ ਹੈ। ਕੱਲ੍ਹ ਸਾਡੇ ਵਿਦਿਆਰਥੀ ਸਨ ਅੱਜ ਵੱਖ-ਵੱਖ ਖੇਤਰਾਂ ਵਿੱਚ ਆਪਣੇ ਮਾਪਿਆਂ ਅਤੇ ਸਕੂਲ ਦਾ ਮਾਣ ਵਧਾ ਰਹੇ ਹਨ। ਕਈ ਵੱਕਾਰੀ ਸੰਸਥਾਵਾਂ ਵਿੱਚ ਉੱਚ ਸਿੱਖਿਆ ਹਾਸਲ ਕਰ ਰਹੇ ਹਨ, ਕਈ ਵੱਡੀਆਂ ਕੰਪਨੀਆਂ ਵਿੱਚ ਤਾਇਨਾਤ ਹਨ ਅਤੇ ਕਈ ਸਫਲ ਕਾਰੋਬਾਰੀ ਬਣ ਕੇ ਦੇਸ਼ ਦੀ ਉੱਨਤੀ ਵਿੱਚ ਯੋਗਦਾਨ ਪਾ ਰਹੇ ਹਨ। ਉਨ੍ਹਾਂ ਨੇ ਹਾਜ਼ਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਵਿੱਚ ਅੱਗੇ ਵਧਣ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਅਤੇ ਭਵਿੱਖ ਦੇ ਪ੍ਰੋਜੈਕਟਾਂ ਬਾਰੇ ਵੀ ਦੱਸਿਆ।

ਧ੍ਰਿਤੀ ਗੁਲਾਟੀ ਨੇ ਸਕੂਲੀ ਜੀਵਨ ਦੇ ਆਪਣੇ ਸੁਹਾਵਣੇ ਤਜ਼ਰਬੇ ਸਾਰਿਆਂ ਨਾਲ ਸਾਂਝੇ ਕਰਦਿਆਂ ਕਿਹਾ ਕਿ ਅੱਜ ਉਹ ਜੋ ਵੀ ਸਫ਼ਲਤਾ ਹਾਸਲ ਕਰ ਰਹੀ ਹੈ, ਉਹ ਪ੍ਰਿੰਸੀਪਲ ਡਾ: ਅੰਜਨਾ ਗੁਪਤਾ ਅਤੇ ਅਧਿਆਪਕਾਂ ਦੇ ਮਾਰਗਦਰਸ਼ਨ ਸਦਕਾ ਹੈ। ਇਸ ਮੌਕੇ ਸਕੂਲ ਵਿੱਚੋਂ 12ਵੀਂ ਜਮਾਤ ਪਾਸ ਕਰਕੇ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰ ਰਹੇ ਜਾਂ ਉੱਚ ਸਿੱਖਿਆ ਹਾਸਲ ਕਰ ਰਹੇ ਬਹੁਤ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ।

ਸਾਬਕਾ ਵਿਦਿਆਰਥੀਆਂ ਨੇ ਸਕੂਲ ਨਾਲ ਸਬੰਧਤ ਆਪਣੇ ਕੁਝ ਯਾਦਗਾਰੀ ਅਨੁਭਵ ਵੀ ਸਾਰਿਆਂ ਨਾਲ ਸਾਂਝੇ ਕੀਤੇ। ਇਸ ਮੌਕੇ ਮਹਿਮਾਨ ਵਿਦਿਆਰਥੀਆਂ ਦੇ ਮਨੋਰੰਜਨ ਲਈ ਸਟੇਜ ਤੇ ਕਈ ਤਰ੍ਹਾਂ ਦੀਆਂ ਖੇਡਾਂ ਦਾ ਆਯੋਜਨ ਕੀਤਾ ਗਿਆ। ਜਿਸ ਦਾ ਸਾਰਿਆਂ ਨੇ ਖੂਬ ਆਨੰਦ ਲਿਆ। ਉਨ੍ਹਾਂ ਨੂੰ ਕਈ ਦਿਲਚਸਪ ਸਵਾਲ ਪੁੱਛੇ ਗਏ ਅਤੇ ਜੇਤੂਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਅਧਿਆਪਕਾਂ ਨੇ ਖੂਬਸੂਰਤ ਅਤੇ ਮਨਮੋਹਕ ਗੀਤ ਪੇਸ਼ ਕਰਕੇ ਵਿਦਿਆਰਥੀਆਂ ਦਾ ਮਨ ਮੋਹ ਲਿਆ।

# ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਯਾਦ ਚ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ



ਸ਼ੇਰਪੁਰ , (ਲੋਕ ਬਾਣੀ) ਸਰਬੰਸਦਾਨੀ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰ ਕੌਰ ਜੀ, ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਨੂੰ ਕੈਦ ਸਮੇਂ ਦੁੱਧ ਪਿਆਉਣ ਦੀ ਸੇਵਾ ਨਿਭਾਅ ਕੇ ਮੁਗਲ ਹਕੂਮਤ ਦੇ ਜਬਰ ਦੌਰਾਨ ਪਰਿਵਾਰ ਸਮੇਤ ਸ਼ਹਾਦਤ ਦਾ ਜਾਪ ਪੀ ਗਏ। ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਵੱਲੋਂ ਗ੍ਰਾਮ ਪੰਚਾਇਤਾਂ, ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਉਪਰੰਤ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਛਾਪਾ ਦੇ ਕੀਰਤਨੀ ਜਥੇ ਨੇ ਕੀਰਤਨ ਦੁਆਰਾ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਸਿੱਜਦਾ ਕੀਤਾ। ਵਿਦਿਆਲਾ ਇੰਚਾਰਜ ਭਾਈ ਬਲਵੰਤ ਸਿੰਘ ਮਹੇਰਨਾ, ਸੀਨੀ: ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਨੇ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਯਾਦਗਰੀ ਸਮਾਗਮ ਪਿੰਡ ਪਿੰਡ ਕਰਵਾ ਕੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਬਾਰੇ ਨਵੀਂ ਪਨੀਰੀ ਨੂੰ ਜਾਗਰੂਕ ਕਰਨਾ ਸਮੇਂ ਦੀ ਮੁੱਖ ਲੋੜ ਹੈ । ਪ੍ਰੈਸ ਕਲੱਬ ਰਜਿ: ਮਹਿਲ ਕਲਾਂ ਦੇ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ ਨੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਸ਼ਹਾਦਤ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੰਦਿਆ ਗੁਰੂਸਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਜਿਕ ਅਲਾਮਤਾਂ ਖਿਲਾਫ਼ ਇਕਜੁੱਟ ਹੋਣ ਦਾ ਸੱਦਾ ਦਿਤਾ। ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਪ੍ਰੈੱਸ ਕਲੱਬ ਮਹਿਲ ਕਲਾਂ ਵਲੋਂ ਪਿਛਲੇ ਲੰਬੇ ਸਮੇਂ ਤੋਂ ਨਿਰੰਤਰ ਖ਼ੂਨਦਾਨ, ਮੈਡੀਕਲ ਜਾਂਚ ਕੈਂਪ ਲਗਾਉਣ ਦੇ ਨਾਲ-ਨਾਲ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਜਾਣ ਦੀ ਸ਼ਲਾਘਾ ਕਰਦਿਆ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਅਵਤਾਰ ਸਿੰਘ ਅਣਖੀ, ਬਲਜਿੰਦਰ ਸਿੰਘ ਢਿੱਲੋਂ, ਬਲਵਿੰਦਰ ਸਿੰਘ ਵਜੀਦਕੇ, ਮੇਘ ਰਾਜ ਜੋਸ਼ੀ, ਜਗਮੋਹਣ ਸ਼ਾਹ ਰਾਏਸਰ, ਜਗਸੀਰ ਸਿੰਘ ਧਾਲੀਵਾਲ, ਪ੍ਰਦੀਪ ਸਿੰਘ ਲੋਹਗੜ੍ਹ ਆਦਿ ਦੀ ਅਗਵਾਈ ਹੇਠ ਧਰਮ ਪ੍ਰਚਾਰ, ਸਮਾਜ ਸੇਵੀ ਕਾਰਜਾਂ ਚ ਵੱਡਮੁੱਲਾ ਯੋਗਦਾਨ ਪਾਉਣ ਬਦਲੇ ਪ੍ਰਧਾਨ ਸ਼ੇਰ ਸਿੰਘ ਖ਼ਾਲਸਾ, ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਮਹਿਲ ਕਲਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀ ਐਸ ਪੀ ਮਹਿਲ ਕਲਾਂ ਸੁਬੇਗ ਸਿੰਘ, ਸਾਬਕਾ ਚੇਅਰਮੈਨ ਅਜੀਤ ਸਿੰਘ ਕੁਤਬਾ, ਸਰਪੰਚ ਸਰਬਜੀਤ ਸਿੰਘ ਸੰਭੂ, ਬਲਦੇਵ ਸਿੰਘ ਗਾਗੇਵਾਲ, ਡਾ: ਅਮਰਜੀਤ ਸਿੰਘ, ਪ੍ਰੋਫੈਸਰ ਗੁਰਜੰਟ ਸਿੰਘ ਛੀਨੀਵਾਲ, ਮੀਰੀ ਪੀਰੀ ਸੇਵਾ ਲਹਿਰ ਦੇ ਪ੍ਰਧਾਨ ਸਵਰਨ ਸਿੰਘ ਖ਼ਾਲਸਾ, ਮੰਗਤ ਸਿੰਘ ਸਿੱਧੂ, ਮੇਜਰ ਸਿੰਘ ਕਲੇਰ, ਗਿਆਨੀ ਸਤਨਾਮ ਸਿੰਘ, ਸੁਰਿੰਦਰ ਸਿੰਘ ਕੈਨੇਡੀਅਨ, ਸੋਨੀ ਮਾਂਗੇਵਾਲ, ਬਲਵੰਤ ਸਿੰਘ ਚੁਹਾਣਕੇ, ਭਾਈ ਰਾਜਵਿੰਦਰ ਸਿੰਘ ਖ਼ਾਲਸਾ, ਸੁਖਵੀਰ ਸਿੰਘ ਜਗਦੇ, ਰਮਨਦੀਪ ਸਿੰਘ ਠੁੱਲੀਵਾਲ, ਗੁਰਪ੍ਰੀਤ ਸਿੰਘ ਅਣਖੀ, ਜਸਵੰਤ ਸਿੰਘ ਲਾਲੀ, ਪ੍ਰੇਮ ਕੁਮਾਰ ਪਾਸੀ, ਗੁਰਸੇਵਕ ਸਿੰਘ ਸਹੋਤਾ, ਭਾਈ ਚਮਕੌਰ ਸਿੰਘ ਗਰੰਥੀ, ਬੰਤ ਸਿੰਘ ਕੁਤਬਾ, ਭਾਈ ਲਖਵੀਰ ਸਿੰਘ ਸਹੌਰ, ਗੁਰਪ੍ਰੀਤ ਸਿੰਘ ਗਰੇਵਾਲ, ਹਰਜੀਤ ਸਿੰਘ ਖਿਆਲੀ, ਜੋਗਿੰਦਰ ਸਿੰਘ ਧੰਜਲ, ਹਰੀ ਸਿੰਘ ਮੈਂਬਰ ਪਰਮਜੀਤ ਸਿੰਘ ਜਗਦੇ ਆਦਿ ਹਾਜ਼ਰ ਸਨ।

# ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜਾਦਿਆਂ ਨੂੰ ਸਮਰਪਿਤ 10ਵਾਂ ਮਹਾਨ ਕੀਰਤਨ ਅਤੇ ਢਾਡੀ ਦਰਬਾਰ ਸ਼ਰਧਾ ਨਾਲ ਕਰਵਾਇਆ

ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹੀਦ ਬਾਬਾ ਦੀਪ ਸਿੰਘ ਐਨ.ਆਰ. ਆਈ. ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਵਲੋਂ ਮਾਤਾ ਗੁਜਰ ਕੌਰ ਅਤੇ ਚਾਰੇ ਸਾਹਿਬਜਾਦਿਆਂ ਦੀ ਲਸਾਨੀ ਸ਼ਹਾਦਤ ਨੂੰ ਸਮਰਪਿਤ 10ਵਾਂ ਮਹਾਨ ਕੀਰਤਨ ਅਤੇ ਢਾਡੀ ਦਰਬਾਰ ਐਨ.ਆਰ.ਆਈ. ਵੀਰਾਂ ਅਤੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਫਤਿਹ ਸਿੰਘ ਨਗਰ ਗਲੀ ਨੰਬਰ 6 ਸੁਖਚੈਨਆਣਾ ਸਾਹਿਬ ਰੋਡ ਫਗਵਾੜਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਕਰਵਾਇਆ ਗਿਆ। ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੀ ਸੰਪੂਰਨਤਾ ਉਪਰੰਤ ਧਾਰਮਿਕ ਦੀਵਾਨ ਸਜਾਇਆ ਗਿਆ। ਉਪਰੰਤ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਖੁੱਲ੍ਹੇ ਪੰਡਾਲ 'ਚ ਸਜਾਏ ਧਾਰਮਿਕ ਦੀਵਾਨ ਵਿਚ ਭਾਈ ਲਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਮੁਖ ਸਿੰਘ ਜੀ ਹੁਸ਼ਿਆਰਪੁਰ ਵਾਲੇ, ਵੀਰ ਜਤਿੰਦਰ ਸਿੰਘ ਮਲਕਪੁਰ ਨੇ ਕਥਾ ਕੀਰਤਨ ਸਰਵਣ ਕਰਵਾਇਆ। ਇਸ ਤੋਂ ਇਲਾਵਾ ਢਾਡੀ ਜੱਥਾ ਮੇਜਰ ਸਿੰਘ ਖਾਲਸਾ ਸੁਲਤਾਨਪੁਰ ਲੋਧੀ, ਭਾਈ ਪਰਮਜੀਤ ਸਿੰਘ (ਬੰਗਿਆਂ ਵਾਲੀਆਂ ਬੀਬੀਆਂ ਦਾ ਢਾਡੀ ਜੱਥਾ) ਅਤੇ ਭਾਈ ਨਵਪ੍ਰੀਤ ਸਿੰਘ ਤੇ ਬੀਬੀ ਤਰਨਪ੍ਰੀਤ ਕੌਰ ਹਰਸ਼ੀ ਟਾਂਡੇ ਵਾਲਿਆਂ ਦੇ ਜੱਥਿਆਂ ਨੇ ਜੋਸ਼ੀਲੀਆਂ ਵਾਰਾਂ ਰਾਹੀਂ ਮਾਤਾ ਗੁਜਰ ਕੌਰ ਜੀ ਅਤੇ ਚਾਰੇ ਸਾਹਿਬਜਾਦਿਆਂ ਦੀਆਂ ਲਸਾਨੀ ਕੁਰਬਾਨੀਆਂ ਦੀ ਦਾਸਤਾਨ ਸਰਵਣ ਕਰਵਾਈ। ਸਮਾਗਮ ਦੌਰਾਨ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ, ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ, ਗੁਰਦੁਆਰਾ ਸ਼੍ਰੀ ਸੁਖਚੈਨਆਣਾ ਸਾਹਿਬ ਦੇ ਮੈਨੇਜਰ ਨਰਿੰਦਰ ਸਿੰਘ, ਕੌਂਸਲਰ ਪ੍ਰਿਤਪਾਲ ਸਿੰਘ ਮੰਗਾ, ਬੀਬੀ ਕਮਲਜੀਤ ਕੌਰ, ਜਸਵਿੰਦਰ ਕੌਰ ਸਮੇਤ ਵੱਖ ਵੱਖ ਸਿਆਸੀ, ਧਾਰਮਿਕ ਤੇ ਸਮਾਜਿਕ ਜੱਥੇਬੰਦੀਆਂ ਦੇ ਆਗੂਆਂ ਨੇ ਗੁਰੂ ਚਰਨਾਂ ਵਿੱਚ ਹਾਜਰੀ ਲਗਵਾਈ। ਸਟੇਜ ਦੀ ਸੇਵਾ ਸਾਬਕਾ ਕੌਂਸਲਰ ਕੁਲਵਿੰਦਰ ਸਿੰਘ ਕਿੰਦਾ ਵਲੋਂ ਨਿਭਾਈ ਗਈ। ਗੁਰੂ ਕੇ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਏ ਗਏ। ਇਸ ਮੌਕੇ ਸੋਹਨ ਸਿੰਘ ਯੂ.ਐਸ.ਏ., ਰਿਟਾ. ਥਾਣੇਦਾਰ ਜਗਤਾਰ ਸਿੰਘ, ਅਮਰਜੀਤ ਸਿੰਘ ਬਸੂਟਾ, ਮਨਜੀਤ ਸਿੰਘ, ਜਰਨੈਲ ਸਿੰਘ ਜੈਲਾ, ਜੋਗਿੰਦਰ ਸਿੰਘ, ਹਰਭਜਨ ਸਿੰਘ ਕਲੇਰ, ਗੁਰਬਖਸ਼ ਸਿੰਘ ਅਠੌਲੀ, ਨਿਰਮਲ ਸਿੰਘ, ਰਸ਼ਪਾਲ ਸਿੰਘ ਸੈਣੀ, ਤਰਸੇਮ ਸਿੰਘ, ਸਤਨਾਮ ਸਿੰਘ ਬਸੂਟਾ, ਬੀਬੀ ਸਰਰਬਜੀਤ ਕੌਰ ਸਾਬਕਾ ਕੌਂਸਲਰ, ਬਲਜਿੰਦਰ ਸਿੰਘ ਠੇਕੇਦਾਰ, ਅਵਤਾਰ ਸਿੰਘ ਭੁੰਗਰਨਰੀ, ਜਸਵਿੰਦਰ ਸਿੰਘ ਭਗਤਪੁਰਾ, ਗੁਰਮੁਖ ਸਿੰਘ ਚਾਨਾ, ਕੁਲਦੀਪ ਸਿੰਘ, ਦਲਜੀਤ ਸਿੰਘ, ਜਤਿੰਦਰ ਪਾਲ ਸਿੰਘ, ਸਤੀਸ਼ ਕੁਮਾਰ, ਕੇਵਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਭਰ ਦੀਆਂ ਸੰਗਤਾਂ ਹਾਜਰ ਸਨ।

# ਇਲੈਕਟ੍ਰੀਸ਼ਨ ਟਰੇਡ ਐਸੋਸੀਏਸ਼ਨ ਹਰ ਹਫਤੇ ਜਰੂਰਤਮੰਦ ਪਰਿਵਾਰਾਂ ਨੂੰ ਵੰਡ ਰਹੀ ਹੈ ਰਾਸ਼ਨ- ਬਲਬੀਰ ਭਸੀਨ



ਅੰਮ੍ਰਿਤਸਰ, (ਲੋਕ ਬਾਣੀ)- ਇਲੈਕਟਰੀਕਲ ਟਰੇਡ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਹਫਤਾਵਾਰੀ ਰਾਸ਼ਨ ਵੰਡ ਪ੍ਰੋਗਰਾਮ ਦੇ ਤਹਿਤ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਟ ਕੀਤਾ ਗਿਆ। ਧਰਮਾ ਟਰੇਡਰਜ਼,ਕਟਰਾ ਬੱਗੀਆਂ ਵਿਖੇ ਰਾਸ਼ਨ ਵੰਡ ਪ੍ਰੋਗਰਾਮ ਦੇ ਦੌਰਾਨ ਪ੍ਰਧਾਨ ਬਲਬੀਰ ਭਸੀਨ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਵੱਲੋਂ ਇਲੈਕਟ੍ਰੀਸ਼ਨ ਦੀਆਂ ਦੁਕਾਨਦਾਰਾਂ ਦੇ ਮਾਲਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾ ਉਪਰਾਲੇ ਕੀਤੇ ਜਾਂਦੇ ਹਨ। ਉਸ ਦੇ ਨਾਲ ਨਾਲ ਦੁਕਾਨਾਂ ਤੇ ਕੰਮ ਕਰਨ ਵਾਲੇ ਹਜ਼ਾਰਾਂ ਕਰਮਚਾਰੀਆਂ ਅਤੇ ਸਬੰਧਤ ਪਰਿਵਾਰਾਂ ਨੂੰ ਇੱਕ ਸਾਲ ਵਿੱਚ 48 ਪ੍ਰੋਗਰਾਮ ਆਯੋਜਿਤ ਕਰਦੇ ਹੋਏ ਰਾਸ਼ਨ ਵੀ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਏਕਨੂਰ ਸੇਵਾ ਟਰੱਸਟ ਵੱਲੋਂ ਪਿਛਲੇ 13 ਸਾਲਾਂ ਤੋਂ ਹਰ ਮਹੀਨੇ ਭਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਤੋਂ ਇਲਾਵਾ ਵੱਖ-ਵੱਖ ਮੰਦਰਾਂ ਅਤੇ ਗੁਰਧਾਮਾਂ ਦੇ ਦਰਸ਼ਨ ਵੀ ਕਰਵਾਏ ਜਾਂਦੇ ਹਨ। ਟਰੱਸਟ ਵੱਲੋਂ ਖੂਨਦਾਨ ਕੈਂਪ ਮੈਡੀਕਲ ਕੈਂਪ ਦੇ ਨਾਲ ਨਾਲ ਲੜਕੇ ਨੂੰ ਸਵੈ ਰੁਜ਼ਗਾਰ ਬਣਾਉਣ ਲਈ ਬਿਊਟੀ ਪਾਰਲਰ ਅਤੇ ਸਲਾਈ ਸੈਂਟਰ ਤੇ ਕੋਰਸ ਸਮੇਤ ਹੋਰ ਵੀ ਸਮਾਜ ਸੇਵੀ ਕੰਮ ਕੀਤੇ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਵੱਲੋਂ ਚਲਦੇ ਹੋਏ ਸਮਾਜ ਸੇਵੀ ਕੰਮ ਲਗਾਤਾਰ ਜਾਰੀ ਰੱਖੇ ਜਾਣਗੇ। ਇਸ ਮੌਕੇ ਤੇ ਕੈਸ਼ੀਅਰ ਹਰਜੀਤ ਸਿੰਘ, ਕਲਸੀ,ਰਣਜੀਤ ਸਿੰਘ ਅਰੋੜਾ,ਸੰਦੀਪਨ ਪੁਰੀ, ਗੁਰਜੀਤ ਸਿੰਘ,ਸਮੀਰ ਅਰੋੜਾ,ਰਾਹੁਲ ਸ਼ਰਮਾ ਵੀ ਮੌਜੂਦ ਸਨ।

# ਸਰਕਾਰ ਤੋਂ ਮਾਨਤਾ ਪ੍ਰਾਪਤ ਸਾਹਿਤ ਅਕਾਦਮੀ ਵੱਲੋਂ ਸ਼ਾਇਰ ਸੂਦ ਵਿਰਕ ਨੂੰ ਕਵੀ ਦਰਬਾਰ ਦੇ ਸੰਚਾਲਨ ਲਈ ਅਵਾਰਡ ਆਫ ਐਕਸੀਲੈਂਸ ਪ੍ਰਦਾਨ ਕੀਤਾ ਗਿਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਰਕਾਰ ਤੋਂ ਮਾਨਤਾ ਪ੍ਰਾਪਤ ਪੁਰਾਤਨਤਾ ਤੋਂ ਨਵੀਨਤਾ ਵੱਲ ਵੱਧਦੇ ਹੋਏ ਸਾਹਿਤਕ ਅਤੇ ਪ੍ਰਕਾਸ਼ਨ ਮੰਚ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋ ਮਿਤੀ 22 ਦਸੰਬਰ ਦਿਨ ਐਤਵਾਰ ਵੱਲੋ ਕਰਵਾਏ ਗਏ ਆਨਲਾਈਨ ਲਾਈਵ ਕਵੀ ਦਰਬਾਰ ਦਾ ਪੰਜਾਬੀ ਸ਼ਾਇਰ ਮਹਿੰਦਰ ਸੂਦ ਵਿਰਕ ਵੱਲੋਂ ਵਧੀਆ ਸੰਚਾਲਨ ਕਰਨ ਦੇ ਲਈ ਸੂਦ ਵਿਰਕ ਨੂੰ ਅਵਾਰਡ ਆਫ ਐਕਸੀਲੈਂਸ ਦੇ ਨਾਲ ਵਿਸ਼ੇਸ਼ ਸਨਮਾਨ ਪੱਤਰ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ। ਇਸ ਕਵੀ ਦਰਬਾਰ ਵਿੱਚ ਪੰਜਾਬੀ ਕਵੀ ਮੂਲ ਚੰਦ ਸ਼ਰਮਾ, ਪਰਜਿੰਦਰ ਕੌਰ ਕਲੇਰ, ਰਾਜਵੀਰ ਸਿੰਘ ਫਾਜ਼ਿਲਕਾ, ਬਲਵੰਤ ਸਿੰਘ ਵਿਰਕ ਅਤੇ ਜਗਤਾਰ ਨਿਮਾਣਾ ਪਟਿਆਲਾ ਸ਼ਾਮਿਲ ਹੋਏ।
ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਦੇ ਸੰਸਥਾਪਕ ਮਾਨ ਸਿੰਘ ਸੁਥਾਰ ਅਤੇ ਪੰਜਾਬੀ ਕਵੀ ਦਰਬਾਰ ਦੇ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਨੇ ਕਿਹਾ ਕਿ ਪ੍ਰੋਗਰਾਮ ਮਾਨਸਰੋਵਰ ਪੰਜਾਬੀ ਸਾਹਿਤ ਅਕਾਦਮੀ ਮੰਚ ਵਿਖੇ ਕਰਵਾਏ ਗਏ ਆਨਲਾਈਨ ਲਾਈਵ ਕਵੀ ਦਰਬਾਰ ਵਿੱਚ ਪੰਜਾਬੀ ਸ਼ਾਇਰ ਮਹਿੰਦਰ ਸੂਦ ਵਿਰਕ ਦੀ ਭਰਵੀਂ ਹਾਜ਼ਰੀ ਦੇਖ ਮੰਚ ਬਹੁਤ ਪ੍ਰਭਾਵਿਤ ਹੋਇਆ। ਸੂਦ ਵਿਰਕ ਨੂੰ ਸਨਮਾਨਿਤ ਕਰਦੇ ਹੋਏ ਮੰਚ ਮਾਣ ਮਹਿਸੂਸ ਕਰਦਾ ਹੈ ਅਤੇ ਤੁਹਾਡੇ ਉੱਜਵਲ ਭਵਿੱਖ ਅਤੇ ਸਫ਼ਲ ਸਾਹਿਤਕ ਸਫ਼ਰ ਦੀ ਕਾਮਨਾ ਕਰਦੇ ਹੋਏ ਤੁਹਾਨੂੰ ਬਹੁਤ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਾ ਹੈ।
ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਬਖਸ਼ੇ ਗਏ ਇੰਨੇ ਮਾਣ ਸਤਿਕਾਰ ਦੇ ਲਈ ਪੰਜਾਬੀ ਸ਼ਾਇਰ ਮਹਿੰਦਰ ਸੂਦ ਵਿਰਕ ਨੇ ਇਸ ਸਾਹਿਤ ਅਕਾਦਮੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੈਂ ਵਿਸ਼ੇਸ਼ ਤੌਰ ਤੇ ਸਾਹਿਤ ਅਕਾਦਮੀ ਦੇ ਸੰਸਥਾਪਕ ਮਾਨ ਸਿੰਘ ਸੁਥਾਰ ਅਤੇ ਪੰਜਾਬੀ ਕਵੀ ਦਰਬਾਰ ਦੇ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਵਿਸ਼ੇਸ਼ ਧੰਨਵਾਦ ਕਰਦਾ ਹਾਂ। ਅੱਗੇ ਗੱਲ ਕਰਦਿਆਂ ਸੂਦ ਵਿਰਕ ਨੇ ਕਿਹਾ ਮੈਨੂੰ ਪੂਰੀ ਆਸ ਹੈ ਕਿ ਇਹ ਸਾਹਿਤ ਅਕਾਦਮੀ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਪ੍ਰਸਾਰ ਲਈ ਹੋਰ ਵੀ ਪ੍ਰੋਗਰਾਮ ਉਲੀਕਦੀ ਰਹੇਗੀ।


ਪੁਰਾਤਨਤਾ ਤੋਂ ਨਵੀਨਤਾ ਵੱਲ ਵੱਧਦੇ ਹੋਏ ਸਾਹਿਤਕ ਅਤੇ ਪ੍ਰਕਾਸ਼ਨ ਮੰਚ
ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ
ਲਾਈਵ ਕਵੀ ਦਰਬਾਰ ਸੰਚਾਲਨ ਲਈ ਵਿਸ਼ੇਸ਼ ਸਨਮਾਨ ਪੱਤਰ
ਮਿਤੀ: 22/12/2024
AWARD OF EXCELLENCE
MAANSAROVAR WELFARE FOUNDATION
ਮਹਿੰਦਰ ਸੂਦ ਵਿਰਕ
ਮਾਨਸਰੋਵਰ ਪੰਜਾਬੀ ਸਾਹਿਤ ਅਕਾਦਮੀ ਮੰਚ ਵਿਖੇ ਕਰਵਾਏ ਗਏ ਆਨਲਾਈਨ ਲਾਈਵ ਕਵੀ ਦਰਬਾਰ ਵਿੱਚ ਤੁਹਾਡੀ ਭਰਵੀਂ ਹਾਜ਼ਰੀ ਦੇਖ ਮੰਚ ਬਹੁਤ ਪ੍ਰਭਾਵਿਤ ਹੋਇਆ। ਤੁਹਾਨੂੰ ਸਨਮਾਨਿਤ ਕਰਦੇ ਹੋਏ ਮੰਚ ਮਾਣ ਮਹਿਸੂਸ ਕਰਦਾ ਹੈ ਅਤੇ ਤੁਹਾਡੇ ਉੱਜਵਲ ਭਵਿੱਖ ਅਤੇ ਸਫ਼ਲ ਸਾਹਿਤਕ ਸਫ਼ਰ ਦੀ ਕਾਮਨਾ ਕਰਦੇ ਹੋਏ ਤੁਹਾਨੂੰ ਬਹੁਤ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਾ ਹੈ।
ISO 9001:2015
MSME Ministry of MSME, Govt. of India
MINISTRY OF CORPORATE AFFAIRS GOVERNMENT OF INDIA
ਮਾਨ ਸਿੰਘ ਸੁਥਾਰ
ਸੰਸਥਾਪਕ

# ਨੀਰਜ ਗੋਇਤ ਦੇ ਹਰਿਆਣਵੀ ਟ੍ਰੈਕ ਗੇੜਾ ਗਾਮ ਕਾ ਨੇ ਜਿੱਤਿਆ ਦਰਸ਼ਕਾਂ ਦਾ ਦਿਲ !




(ਲੋਕ ਬਾਣੀ) ਨੀਰਜ ਗੋਇਤ, ਮਸ਼ਹੂਰ ਬਾਕਸਰ ਅਤੇ ਸੋਸ਼ਲ ਮੀਡੀਆ ਆਈਕਨ, ਜਿਸ ਨੇ ਭਾਰਤ ਦੇ ਪਹਿਲੇ ➾23 ਵਿਸ਼ਵ ਦਰਜਾਬੰਦੀ ਵਾਲੇ ਮੁੱਕੇਬਾਜ਼ ਵਜੋਂ ਇਤਿਹਾਸ ਰਚਿਆ ਹੈ, ਨੇ ਮੁੱਕੇਬਾਜ਼ੀ ਰਿੰਗ ਤੋਂ ਅੱਗੇ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਟੈਕਸਾਸ ਵਿੱਚ ਆਈਕੋਨਿਕ ਮਾਈਕ ਟਾਇਸਨ ⊘ ਜੇਕ ਪੌਲ ਲੜਾਈ ਵਿੱਚ ਆਪਣੀ ਪ੍ਰਭਾਵਸ਼ਾਲੀ ਜਿੱਤ ਤੋਂ ਬਾਅਦ, ਨੈੱਟਫਲਿਕਸ ਤੇ ਲਾਈਵ ਸਟ੍ਰੀਮ ਕੀਤਾ ਗਿਆ ਸੀ ਨੇ ਹਾਲ ਹੀ ਵਿੱਚ ਇੱਕ ਨਵਾਂ ਟਰੈਕ ਗੇੜ ਗਾਮ ਕਾ ਰਿਲੀਜ਼ ਕੀਤਾ, ਜਿਸ ਵਿੱਚ ਮਾਨਸਿਕ ਤੰਦਰੁਸਤੀ ਨੂੰ ਪਹਿਲ ਦਿੱਤੀ। ਮੁੱਖ ਭੂਮਿਕਾ ਨਿਭਾਉਂਦੇ ਹੋਏ, ਨੀਰਜ ਦਰਸ਼ਕਾਂ ਨੂੰ ਸੁੰਦਰ ਖੇਤਰਾਂ ਅਤੇ ਪਰੰਪਰਾਗਤ ਲੋਕ ਸੈਟਿੰਗਾਂ ਰਾਹੀਂ ਇੱਕ ਯਾਤਰਾ ਸ਼ੁਰੂ ਕਰਨ ਲਈ ਸੱਦਾ ਦਿੰਦਾ ਹੈ, ਜੋ ਕਿ ਪਿੰਡ ਦੀ ਜ਼ਿੰਦਗੀ ਪ੍ਰਦਾਨ ਕਰ ਸਕਦੀ ਹੈ ਤਾਕਤ ਅਤੇ ਤਸੱਲੀ ਨੂੰ ਉਜਾਗਰ ਕਰਦਾ ਹੈ। ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਇੱਕ ਅਜਿਹੀ ਚੀਜ਼ ਹੈ ਜਿਸ ਵਿੱਚ ਮੈਂ ਪੂਰੀ ਤਰ੍ਹਾਂ ਵਿਸ਼ਵਾਸ ਕਰਦਾ ਹਾਂ; ਨੀਰਜ ਨੇ ਕਿਹਾ। ਇਸ ਟ੍ਰੈਕ ਦੇ ਨਾਲ, ਸਾਡਾ ਉਦੇਸ਼ ਹਰਿਆਣਾ ਦੀ ਸੰਸਕ੍ਰਿਤੀ ਦੀ ਸੁੰਦਰਤਾ ਅਤੇ ਲਚਕੀਲੇਪਨ ਨੂੰ ਪ੍ਰਦਰਸ਼ਿਤ ਕਰਦੇ ਹੋਏ ਮਾਨਸਿਕ ਸਿਹਤ ਬਾਰੇ ਗੱਲਬਾਤ ਸ਼ੁਰੂ ਕਰਨਾ ਹੈ।
ਗਾਣੇ ਵਿੱਚ ਕ੍ਰੇਜ਼ੀ ਆਰ ਦੇ ਉਕਸਾਊ ਵੋਕਲਾਂ ਨੂੰ ਪੇਸ਼ ਕੀਤਾ ਗਿਆ ਹੈ, ਜੋ ਨੀਰਜ ਦੀ ਗਤੀਸ਼ੀਲ ਮੌਜੂਦਗੀ ਨਾਲ ਪੂਰੀ ਤਰ੍ਹਾਂ ਜੋੜਿਆ ਗਿਆ ਹੈ, ਇੱਕ ਭਾਵਨਾਤਮਕ ਅਤੇ ਸੁਣਨ ਵਾਲਾ ਅਨੁਭਵ ਬਣਾਉਂਦਾ ਹੈ ਜੋ ਸੰਗੀਤ ਅਤੇ ਸਮਾਜਿਕ ਤੌਰ ਤੇ ਦਰਸ਼ਕਾਂ ਤੇ ਸਥਾਈ ਪ੍ਰਭਾਵ ਦਾ ਵਾਅਦਾ ਕਰਦਾ ਹੈ।

# ਪਾਣੀ ਵਾਲੀ ਟੈਂਕੀ ਤੇ ਚੜ੍ਹਕੇ ਰੋਸ ਪ੍ਰਦਰਸ਼ਨ ਕਰਦੇ ਪਤੀ ਪਤਨੀ ਨੂੰ 26 ਘੰਟੇ ਬਾਅਦ ਉਤਾਰਿਆ ਥੱਲੇ

ਸ਼ੇਰਪੁਰ , (ਲੋਕ ਬਾਣੀ) - ਜਿਲਾ ਸੰਗਰੂਰ ਅਧੀਨ ਆਉਂਦੇ ਕਸਬਾ ਸ਼ੇਰਪੁਰ ਵਿਖੇ ਬਤੌਰ ਥਾਣਾ ਮੁਖੀ ਸੇਵਾਵ ਬੀਤੇ ਕੱਲ੍ਹ ਤੋਂ ਪੁਲਿਸ ਪ੍ਰਸ਼ਾਸ਼ਨ ਖ਼ਿਲਾਫ਼ ਰੋਸ ਜਿਤਾਉਂਦੇ ਪਤੀ - ਪਤਨੀ ਸ਼ੇਰਪੁਰ ਵਿਖੇ ਬਣੀ ਪਾਣੀ ਵਾਲੀ ਟੈਂਕੀ ਤੇ ਚੜ੍ਹੇ ਹੋਏ ਸਨ। ਜਿਨ੍ਹਾਂ ਨੂੰ ਅੱਜ ਬਾਅਦ ਦੁਪਹਿਰ ਪੁਲਿਸ ਪ੍ਰਸ਼ਾਸਨ ਨੇ ਪਤਵੰਤੇ ਲੋਕਾਂ , ਪੰਚਾਇਤਾਂ
ਦੇ ਸਹਿਯੋਗ ਸਦਕਾ ਟੈਂਕੀ ਤੋਂ ਥੱਲੇ ਉਤਾਰਕੇ ਸੁੱਖ ਦਾ ਸਾਹ ਲਿਆਂ। ਜ਼ਿਕਰਯੋਗ ਹੈ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਦਿੱਤੇ ਇੱਕ ਐਨ.ਡੀ.ਪੀ. ਐਸ ਦੇ ਪਰਚੇ ਨੂੰ ਝੂਠਾ ਦੱਸਦਿਆਂ ਬੀਤੇ ਕੱਲ ਤੋਂ ਇੱਕ ਨੌਜਵਾਨ ਸੁਖਵੀਰ ਸਿੰਘ ਸੁੱਖੀ ਦੇ ਪਿਤਾ ਜਗਸੀਰ ਸਿੰਘ ਤੇ ਮਾਤਾ ਮਨਪ੍ਰੀਤ ਕੌਰ ਵਾਸੀ ਗੋਬਿੰਦਪੁਰਾ ਪਾਣੀ ਵਾਲੀ ਟੈਂਕੀ ਤੇ ਚੜ੍ਹ ਗਏ ਸਨ ਤੇ ਪੁਲਿਸ ਪ੍ਰਸ਼ਾਸਨ ਤੋਂ ਇਨਸਾਫ ਦੀ ਮੰਗ ਕਰ ਰਹੇ ਸਨ। ਦੋਵੇਂ ਪਤੀ ਪਤਨੀ ਨੂੰ ਟੈਂਕੀ ਤੋਂ ਹੇਠਾਂ ਉਤਾਰਨ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਕੱਲ ਤੋਂ ਹੀ ਜਦੋ- ਜਹਿਦ ਕੀਤੀ ਜਾ ਰਹੀ ਸੀ ,ਪਰ ਉਹਨਾਂ ਕੋਸ਼ਿਸ਼ਾਂ ਨੂੰ ਕੋਈ ਬੂਰ ਨਹੀਂ ਸੀ ਪਿਆ। ਦੂਜੇ ਦਿਨ ਪਰਿਵਾਰਿਕ ਮੈਂਬਰਾਂ ਵੱਲੋਂ ਟੈਂਕੀ ਹੇਠਾਂ ਟੈਂਟ ਲਗਾ ਕੇ ਪੱਕੇ ਤੌਰ ਤੇ ਧਰਨੇ ਦਾ ਇੰਤਜ਼ਾਮ ਕਰ ਦਿੱਤਾ ਸੀ । ਜਿਸ ਦੌਰਾਨ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਜਸਮੇਲ ਸਿੰਘ ਬੜੀ, ਸਾਬਕਾ ਸਰਪੰਚ ਰਣਜੀਤ ਸਿੰਘ ਧਾਲੀਵਾਲ ਸ਼ੇਰਪੁਰ, ਦਵਿੰਦਰ ਸਿੰਘ ਗੋਬਿੰਦਪੁਰਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਲੋਕ ਪਤੀ- ਪਤਨੀ ਨੂੰ ਸਹੀ ਸਲਾਮਤ ਟੈਂਕੀ ਤੋਂ ਹੇਠਾਂ ਉਤਾਰਨ ਲਈ ਪਰਿਵਾਰ ਦੇ ਹੱਕ ਵਿੱਚ ਡਟ ਗਏ ਸਨ । ਅੰਤ ਪਤਵੰਤਿਆਂ , ਪਰਿਵਾਰਕ ਮੈਂਬਰਾਂ ਅਤੇ ਪੁਲਿਸ ਪ੍ਰਸ਼ਾਸਨ ਦੁਆਰਾ ਬਣਾਏ ਆਪਸੀ ਤਾਲਮੇਲ ਸਦਕਾ ਦੋਵੇਂ ਪਤੀ -ਪਤਨੀ ਟੈਂਕੀ ਤੋਂ ਹੇਠਾਂ ਉਤਰਨ ਲਈ ਰਾਜ਼ੀ ਹੋ ਗਏ। ਤਕਰੀਬਨ 26 ਘੰਟੇ ਤੋਂ ਵੱਧ ਸਮਾਂ ਕੜਾਕੇ ਦੀ ਠੰਡ ਚ ਗੁਜ਼ਾਰਨ ਉਪਰੰਤ ਹੇਠਾਂ ਉਤਾਰਨ ਤੋਂ ਬਾਅਦ ਜਗਸੀਰ ਸਿੰਘ



ਅਤੇ ਮਨਪ੍ਰੀਤ ਕੌਰ ਦੀ ਪ੍ਰਸਾਸਨ ਵੱਲੋਂ ਮੁੱਢਲੀ ਸਿਹਤ ਜਾਂਚ ਵੀ ਕਰਵਾਈ ਗਈ। ਉਧਰ ਪੁਲਿਸ ਪ੍ਰਸ਼ਾਸਨ ਪਰਿਵਾਰ ਵੱਲੋਂ ਆਪਣੇ ਤੇ ਲਗਾਏ ਹਰ ਤਰ੍ਹਾਂ ਦੇ ਦੋਸ਼ਾਂ ਨੂੰ ਕੱਲ੍ਹ ਤੋਂ ਹੀ ਮੁੱਢ ਤੋਂ ਨਕਾਰ ਚੁੱਕਾ ਹੈ। ਥਾਣਾ ਮੁਖੀ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨੇ ਸਾਰੇ ਘਟਨਾਕਰਮ ਤੇ ਆਪਣਾ ਪੱਖ ਰੱਖਦਿਆਂ ਕਿਹਾ ਕਿ ਪਰਿਵਾਰ ਨੂੰ ਪ੍ਰੋਫੈਸ਼ਨਲ ਤੇ ਨਿਰਪੱਖ ਜਾਂਚ ਦਾ ਭਰੋਸਾ ਦੇ ਕੇ ਟੈਂਕੀ ਤੋਂ ਹੇਠਾਂ ਉਤਾਰਿਆ ਗਿਆ ਹੈ।

# ਸਕੇਪ ਸਾਹਿਤਕ ਸੰਸਥਾ ਫਗਵਾੜਾ ਵੱਲੋਂ ਜਗਤ ਪੰਜਾਬੀ ਸਭਾ ਕੈਨੇਡਾ ਦੇ ਸਹਿਯੋਗ ਨਾਲ ਇਕ ਰੋਜ਼ਾ ਅਧਿਆਪਕ ਸਿਖਲਾਈ ਵਰਕਸ਼ਾਪ ਹਰਗੋਬਿੰਦ ਨਗਰ ਫਗਵਾੜਾ ਵਿਖੇ ਲਗਾਈ ਗਈ

ਫਗਵਾੜਾ – (ਸੁਸ਼ੀਲ ਸ਼ਰਮਾ)ਸਕੇਪ ਸਾਹਿਤਕ ਸੰਸਥਾ ਫਗਵਾੜਾ ਵੱਲੋਂ ਜਗਤ ਪੰਜਾਬੀ ਸਭਾ ਕੈਨੇਡਾ ਦੇ ਸਹਿਯੋਗ ਨਾਲ ਇਕ ਰੋਜ਼ਾ ਅਧਿਆਪਕ ਸਿਖਲਾਈ ਵਰਕਸ਼ਾਪ ਹਰਗੋਬਿੰਦ ਨਗਰ ਫਗਵਾੜਾ ਵਿਖੇ ਲਗਾਈ ਗਈ।ਵਰਕਸ਼ਾਪ ਵਿੱਚ ਵੱਖ – ਵੱਖ ਸਕੂਲਾਂ ਦੇ 50 ਅਧਿਆਪਕਾਂ ਨੂੰ ਸਿਖਲਾਈ ਦਿੱਤੀ ਗਈ। ਸਿਖਲਾਈ ਪ੍ਰਾਪਤ ਕਰਨ ਵਾਲ਼ੇ ਅਧਿਆਪਕਾਂ ਨੂੰ ਜਗਤ ਪੰਜਾਬੀ ਸਭਾ ਵੱਲੋਂ ਸਰਟੀਫ਼ਿਕੇਟ ਅਤੇ ਸਕੇਪ ਸਾਹਿਤਕ ਸੰਸਥਾ ਵੱਲੋਂ ਕਿਤਾਬਾਂ ਦਿੱਤੀਆਂ ਗਈਆਂ।ਪੰਜਾਬੀ ਵਿਰਸਾ ਟਰੱਸਟ ਵੱਲੋਂ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ। ਵਰਕਸ਼ਾਪ ਦੀ ਸ਼ੁਰੂਆਤ ਪ੍ਰਿੰ. ਗੁਰਮੀਤ ਸਿੰਘ ਪਲਾਹੀ ਵੱਲੋਂ ਹਾਜ਼ਰੀਨ ਨੂੰ ਜੀ ਆਇਆਂ ਆਖ ਜਗਤ ਪੰਜਾਬੀ ਸਭਾ ਦਾ ਧੰਨਵਾਦ ਕਰ ਕੇ ਕੀਤੀ ਗਈ।ਵਰਕਸ਼ਾਪ ਦੌਰਾਨ ਭਾਸ਼ਣ ਕਲਾ, ਨੈਤਿਕਤਾ, ਪੜ੍ਹਾਉਣ ਵਾਲ਼ਾ ਮਾਹੌਲ ਸਿਰਜਣਾ, ਸਿੱਖਿਆ ਦੀ ਮਹੱਤਤਾ, ਜ਼ਿੰਦਗੀ ਜਿਊਣ ਲਈ ਕੁਝ ਜ਼ਰੂਰੀ ਹੁਨਰ ਸਿੱਖਣੇ, ਪੰਜਾਬੀ ਭਾਸ਼ਾ, ਪੰਜਾਬ ਅਤੇ ਪੰਜਾਬੀਅਤ ਵਿਸ਼ਿਆਂ ਉੱਪਰ ਵੱਖ – ਵੱਖ ਬੁਲਾਰਿਆਂ ਵੱਲੋਂ ਆਪਣੇ ਵਿਚਾਰ ਸਾਂਝੇ ਕੀਤੇ ਗਏ।ਜਗਤ ਪੰਜਾਬੀ ਸਭਾ ਕੈਨੇਡਾ ਦੇ ਬੁਲਾਰੇ ਸੌਦਾਗਰ ਸਿੰਘ ਨੇ ਭਾਸ਼ਣ ਕਲਾ ਵਿਸ਼ੇ ਉੱਤੇ ਵਿਸਥਾਰਪੂਰਵਕ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਕਿ ਇੱਕ ਵਿਦਵਾਨ ਦੇ ਗਿਆਨਵਾਨ ਹੋਣ ਦਾ ਅਸਲ ਫ਼ਾਇਦਾ ਸਮਾਜ ਨੂੰ ਤਾਂ ਹੀ ਹੈ ਜੇਕਰ ਉਹ ਆਪਣੇ ਵਿਚਾਰਾਂ ਨੂੰ ਦੂਸਰਿਆਂ ਨਾਲ਼ ਸਾਂਝਾ ਕਰ ਸਕੇ। ਆਪਣੀ ਗੱਲ ਨੂੰ ਦੂਸਰਿਆਂ ਨਾਲ਼ ਇਸ ਤਰੀਕੇ ਨਾਲ਼ ਸਾਂਝਾ ਕਰਨਾ ਕਿ ਸਰੋਤੇ ਦਿਲਚਸਪੀ ਨਾਲ਼ ਗੱਲ ਨੂੰ ਸੁਣਨ ਅਤੇ ਸਮਝਣ ਇਹੀ ਭਾਸ਼ਣ ਕਲਾ ਹੈ ਅਤੇ ਇਸ ਕਲਾ ਵਿੱਚ ਪ੍ਰਬੀਨਤਾ ਹਾਸਲ ਕਰਨ ਲਈ ਮਿਹਨਤ,ਲਗਨ ਅਤੇ ਪ੍ਰਤੀਬੱਧਤਾ ਦੀ ਲੋੜ ਹੈ। ਉਹਨਾਂ ਵੱਲੋਂ ਭਾਸ਼ਣ ਕਲਾ ਵਿੱਚ ਨਿਪੁੰਨਤਾ ਹਾਸਲ ਕਰਨ ਲਈ ਬੇਹੱਦ ਜ਼ਰੂਰੀ ਨੁਕਤੇ ਸਰੋਤਿਆਂ ਨਾਲ਼ ਸਾਂਝੇ ਕੀਤੇ ਗਏ। ਸੰਸਥਾ ਦੇ ਸਰਪ੍ਰਸਤ ਕਰਨ ਅਜੈਬ ਸਿੰਘ ਸੰਘਾ ਨੇ ਜ਼ਿੰਦਗੀ ਜਿਊਣ ਦੇ ਜ਼ਰੂਰੀ ਹੁਨਰ ਸਿਹਤਮੰਦ ਰਹਿਣ,ਭਾਸ਼ਣ ਕਲਾ ਸਿੱਖਣ,ਦੋਸਤੀ ਨਿਭਾਉਣ, ਸਮੇਂ ਦੀ ਸਹੀ ਵਰਤੋਂ ਕਰਨ,ਸਹਿਯੋਗ ਦੇਣ,ਇਮਾਨਦਾਰ ਬਣਨ,ਚੰਗੇ ਕੰਮ ਕਰਨ,ਨੇਕ ਗੁਣਾਂ ਨੂੰ ਧਾਰਨ ਕਰਨ ,ਸਕਾਰਾਤਮਕ ਸੋਚ ਅਪਣਾਉਣ,ਲੋੜ ਅਨੁਸਾਰ ਧਨ ਅਤੇ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਤੇ ਖ਼ੁਸ਼ ਰਹਿਣ, ਸੁੱਚੀ ਕਿਰਤ ਕਰਨ ਆਦਿ ਅਪਣਾ ਕੇ ਜ਼ਿੰਦਗੀ ਵਧੀਆ ਗੁਜ਼ਾਰਨ ਦਾ ਸੁਝਾਅ ਦਿੱਤਾ। ਪ੍ਰਿੰ. ਸੁਮਨ ਡਡਵਾਲ ਵੱਲੋਂ ਪੜ੍ਹਾਉਣ ਵਾਲ਼ਾ ਮਾਹੌਲ ਸਿਰਜਣ ਦੇ ਤਰੀਕਿਆਂ ਬਾਰੇ ਗੱਲ ਕਰਦਿਆਂ ਵਰਕਸ਼ਾਪ ਵਿੱਚ ਬਹੁਤ ਵਧੀਆ ਮਾਹੌਲ ਸਿਰਜਿਆ ਗਿਆ।

ਜਗਤ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਨੇ ਨੈਤਿਕਤਾ ਵਿਸ਼ੇ ਉੱਤੇ ਬੋਲਦਿਆਂ ਕਿਹਾ ਕਿ ਨੈਤਿਕਤਾ ਅਮੁੱਲ ਖ਼ਜ਼ਾਨਾ ਹੈ, ਜੋ ਸਾਡੀ ਜੀਵਨ ਜਾਚ ਨੂੰ ਸਰਲ,ਸ਼ਾਂਤ,ਸਦੀਵੀ ਅਤੇ ਸਦਾਬਹਾਰ ਬਣਾ ਦਿੰਦਾ ਹੈ। ਇਨਸਾਨ ਦੀਆਂ ਚੰਗੀਆਂ ਆਦਤਾਂ ਦਾ ਸੰਗ੍ਰਹਿ ਹੀ ਨੈਤਿਕਤਾ ਹੈ ਜਿਸ ਨਾਲ਼ ਸਮਾਜ ਅਤੇ ਕੌਮ ਦਾ ਵਿਕਾਸ ਨਿਸ਼ਚਿਤ ਹੈ।ਇਸ ਲਈ ਸਾਨੂੰ ਸਭ ਨੂੰ ਵਿਸ਼ੇਸ਼ ਤੌਰ ਤੇ ਅਧਿਆਪਕ ਵਰਗ ਨੂੰ ਨੈਤਿਕਤਾ ਤੇ ਡੱਟ ਕੇ ਪਹਿਰਾ ਦੇਣਾ ਚਾਹੀਦਾ ਹੈ।

ਉੱਘੇ ਕਹਾਣੀਕਾਰ ਰਵਿੰਦਰ ਚੋਟ, ਸਮਾਜ ਸੇਵੀ ਮਲਕੀਅਤ ਸਿੰਘ ਰਘੂਬੋਤਰਾ ਨੇ ਵੀ ਸਰੋਤਿਆਂ ਨੂੰ ਸੰਬੋਧਨ ਕੀਤਾ।ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਪਰਵਿੰਦਰਜੀਤ ਸਿੰਘ ਜਨਰਲ ਸਕੱਤਰ ਸਕੇਪ ਸਾਹਿਤਕ ਸੰਸਥਾ ਵੱਲੋਂ ਬਾਖ਼ੂਬੀ ਨਿਭਾਈ ਗਈ।

ਜਗਤ ਪੰਜਾਬੀ ਸਭਾ ਵੱਲੋਂ ਪ੍ਰਿੰ. ਗੁਰਮੀਤ ਸਿੰਘ ਪਲਾਹੀ,ਮਲਕੀਅਤ ਸਿੰਘ ਰਘੂਬੋਤਰਾ, ਕਮਲੇਸ਼ ਸੰਧੂ ਨੂੰ ਸਿਰੋਪਾ ਭੇਟ ਕੀਤਾ ਗਿਆ। ਸਕੇਪ ਸਾਹਿਤਕ ਸੰਸਥਾ ਵੱਲੋਂ ਸਮੂਹ ਬੁਲਾਰਿਆਂ ਨੂੰ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਗਿਆ।ਸੰਸਥਾ ਪ੍ਰਧਾਨ ਕਮਲੇਸ਼ ਸੰਧੂ ਵੱਲੋਂ ਜਗਤ ਪੰਜਾਬੀ ਸਭਾ ਦੇ ਚੇਅਰਮੈਨ ਅਜੈਬ ਸਿੰਘ ਚੱਠਾ, ਕਰਨ ਅਜੈਬ ਸਿੰਘ ਸੰਘਾ,ਸੌਦਾਗਰ ਸਿੰਘ, ਪ੍ਰਿੰ.ਸੁਮਨ ਡਡਵਾਲ ਅਤੇ ਸਿਖਲਾਈ ਪ੍ਰਾਪਤ ਕਰਨ ਵਾਲ਼ੇ ਸਮੂਹ ਅਧਿਆਪਕ ਸਹਿਬਾਨ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਦਵਿੰਦਰ ਸਿੰਘ ਜੱਸਲ, ਮਨੋਜ ਫਗਵਾੜਵੀ,ਸੁਖਦੇਵ ਸਿੰਘ ਗੰਢਵਾਂ,ਅਸ਼ੋਕ ਸ਼ਰਮਾ, ਪਰਵਿੰਦਰ ਜੀਤ ਸਿੰਘ,ਬਲਬੀਰ ਕੌਰ ਬੱਬੂ ਸੈਣੀ,ਲਖਵਿੰਦਰ ਪ੍ਰੀਤ ਕੌਰ,ਰਾਕੇਸ਼ ਕੁਮਾਰ ਰਾਏ,ਹਰਜਿੰਦਰ ਨਿਆਣਾ,ਇੰਦਰਜੀਤ ਕੌਰ,ਨਵਕਿਰਨ ਕੌਰ,ਬਲਵਿੰਦਰ ਕੌਰ,ਨਰਿੰਦਰ ਕੌਰ,ਮਲਕੀਅਤ ਸਿੰਘ,ਪਰਮਜੀਤ ਕੌਰ,ਸਾਹਿਬ ਜੀਟਨ ਕੌਰ,ਸੋਨਿਕਾ, ਮਨਿੰਦਰ ਢੇਰਾ,ਬਬੀਤਾ,ਬਿੰਦਰ ਪਾਲ,ਰਜਨੀ ਚਾਵਲਾ,ਖ਼ੁਸ਼ੀ ਬੇਦੀ, ਅਸ਼ੀਸ਼ ਗਾਂਧੀ, ਨੀਤਾ ਦੇਵੀ,ਵਿਕਰਮਜੀਤ,ਦਲਜੀਤ ਕੌਰ,ਪ੍ਰੀਤ ਕੌਰ ਪ੍ਰੀਤੀ,ਗੁਰਪ੍ਰੀਤ ਕੌਰ,ਰਾਕੇਸ਼ ਕੁਮਾਰੀ,ਮਨਦੀਪ ਕੌਰ, ਤੇਗਸ਼ੀਲ ਕੌਰ,ਸੋਨੀਆ ਰਾਣੀ,ਹਰਮਿੰਦਰ ਕੌਰ,ਜਤਿੰਦਰ ਕੌਰ,ਪਿੰਕੀ ਕੁਮਾਰੀ,ਲੱਛਮੀ,ਸਰਬਜੀਤ ਕੌਰ,ਰਿੱਤੂ ਬਾਲਾ,ਗੁਰਬਖਸ਼ ਕੌਰ ਆਦਿ ਹਾਜ਼ਰ ਸਨ।




ਰੋਜ਼ਾਨਾ ਲੋਕ ਬਾਣੀ
www.lokbani

# ਲਾਇਨਜ਼ ਕਲੱਬ ਅਤੇ ਮਯੰਕ ਫਾਊਂਡੇਸ਼ਨ ਨੇ ਟਰੈਫਿਕ ਸੁਰੱਖਿਆ ਲਈ ਰਿਫਲੈਕਟਰ ਲਗਾਉਣ ਦੀ ਮੁਹਿੰਮ ਕੀਤੀ ਸ਼ੁਰੂ

ਫ਼ਿਰੋਜ਼ਪੁਰ, (ਲੋਕ ਬਾਣੀ) : ਲਾਇਨਜ਼ ਕਲੱਬ ਅਤੇ ਮਯੰਕ ਫਾਊਂਡੇਸ਼ਨ ਵੱਲੋਂ ਟਰੈਫ਼ਿਕ ਪੁਲਿਸ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮੁਹਿੰਮ ਤਹਿਤ ਫ਼ਿਰੋਜ਼ਪੁਰ ਛਾਉਣੀ ਦੀ ਚੁੰਗੀ ਨੰਬਰ 7 ਵਿਖੇ ਵੱਖ-ਵੱਖ ਵਾਹਨਾਂ ਤੇ 400 ਰਿਫਲੈਕਟਰ ਚਿਪਕਾਏ ਗਏ । ਇਸ ਮੁਹਿੰਮ ਦਾ ਉਦੇਸ਼ ਸੜਕ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਅਤੇ ਟ੍ਰੈਫਿਕ ਹਾਦਸਿਆਂ ਨੂੰ ਰੋਕਣ ਲਈ ਡਰਾਈਵਰਾਂ ਨੂੰ ਜਾਗਰੂਕ ਕਰਨਾ ਸੀ। ਰਿਫਲੈਕਟਰਾਂ ਦੀ ਵਰਤੋਂ ਵਾਹਨਾਂ ਨੂੰ ਰਾਤ ਦੇ ਸਮੇਂ ਅਤੇ ਮਾੜੀ ਰੋਸ਼ਨੀ ਵਿੱਚ ਵਧੇਰੇ ਦ੍ਰਿਸ਼ਮਾਨ ਬਣਾਉਣ ਲਈ ਕੀਤੀ ਜਾਂਦੀ ਹੈ, ਜਿਸ ਨਾਲ ਹਾਦਸਿਆਂ ਵਿੱਚ ਕਮੀ ਆਉਂਦੀ ਹੈ।

ਰੀਜਨ ਚੇਅਰਪਰਸਨ ਐਡਵੋਕੇਟ ਡਾ: ਰੋਹਿਤ ਗਰਗ ਦੀ ਅਗਵਾਈ ਚ ਫਿਰੋਜ਼ਪੁਰ ਦੇ ਵੱਖ-ਵੱਖ ਲਾਇਨ ਕਲੱਬਾਂ ਅਤੇ ਮਯੰਕ ਫਾਊਂਡੇਸ਼ਨ ਦੇ ਮੈਂਬਰਾਂ ਨੇ ਇਸ ਮੁਹਿੰਮ ਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਫਿਰੋਜ਼ਪੁਰ ਚ ਵੱਖ-ਵੱਖ ਥਾਵਾਂ ਤੇ ਵਾਹਨਾਂ ਤੇ ਰਿਫਲੈਕਟਰ ਚਿਪਕਾਏ । ਟ੍ਰੈਫਿਕ ਪੁਲਿਸ ਨੇ ਵੀ ਇਸ ਪਹਿਲਕਦਮੀ ਦਾ ਸਮਰਥਨ ਕੀਤਾ ਅਤੇ ਡਰਾਈਵਰਾਂ ਨੂੰ ਸੁਰੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਲਾਇਨਜ਼ ਕਲੱਬ ਅਤੇ ਮਯੰਕ ਫਾਊਂਡੇਸ਼ਨ ਵੱਲੋਂ ਇਸ ਮੁਹਿੰਮ ਨੂੰ ਟਰੈਫਿਕ ਸੁਰੱਖਿਆ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਪਰਾਲੇ ਵਜੋਂ ਦੇਖਿਆ ਜਾ ਰਿਹਾ ਹੈ।

ਇਸ ਮੁਹਿੰਮ ਵਿੱਚ ਲਾਇਨ ਕਲੱਬਾਂ ਤੋਂ ਐਡਵੋਕੇਟ ਅਸ਼ੀਸ਼ ਸ਼ਰਮਾ, ਦੀਪਕ ਗੁਪਤਾ, ਕਰੁਣ ਅਗਰਵਾਲ, ਚਰਨਜੀਤ ਪੁੰਜ, ਅਸ਼ੋਕ ਮਿੱਤਲ, ਪ੍ਰਮੋਦ ਅਗਰਵਾਲ, ਦੀਪਕ ਮੰਗਲ, ਪ੍ਰਿਯਾਂਸ਼ੂ ਅਗਰਵਾਲ, ਅਰਸ਼ਦੀਪ ਸਿੰਘ ਅਤੇ ਸਕੱਤਰ ਰਾਜੀਵ ਸੇਤੀਆ, ਵਿਕਾਸ ਗੁੰਭਰ, ਕਮਲ ਸ਼ਰਮਾ, ਮਯੰਕ ਤੋਂ ਐਡਵੋਕੇਟ ਨਵਬੀਰ ਢਿੱਲੋਂ ਸ਼ਾਮਲ ਹੋਏ। ਫਾਊਂਡੇਸ਼ਨ, ਦੀਪਕ ਮਠਪਾਲ, ਦਿਨੇਸ਼ ਚੌਹਾਨ ਅਤੇ ਦੀਪਕ ਸ਼ਰਮਾ ਨੇ ਸ਼ਿਰਕਤ ਕੀਤੀ।




ਰੋਜ਼ਾਨਾ ਲੋਕ ਬਾਣੀ
www.lokbani

# ਜਨਮ ਦਿਨ ਮੁਬਾਰਕ




ਉਘੇ ਪੰਜਾਬੀ ਪੱਤਰਕਾਰ ਤੇ ਲੇਖਕ ਜਗਜੀਤ ਬਾਰੂ ਸਿੰਘ ਸੱਗੂ ਜੀ ਨੂੰ ਜਨਮ ਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565